Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact :
647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 53 | Thursday, March 17, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਪਹਿਲੀ ਅਪਰੈਲ ਤੋਂ ਟਰੈਵਲਰਜ਼ ਨੂੰ ਨਹੀਂ ਵਿਖਾਉਣਾ ਹੋਵੇਗਾ ਕੋਵਿਡ-19 ਟੈਸਟ ਦਾ ਨੈਗੇਟਿਵ ਸਬੂਤ!



ਓਟਵਾ, 16 ਮਾਰਚ (ਪੋਸਟ ਬਿਊਰੋ) : ਕੈਨੇਡਾ ਵਿੱਚ ਦਾਖਲ ਹੋਣ ਵਾਲੇ ਬਹੁਤੇ ਟਰੈਵਲਰਜ਼ ਨੂੰ ਹੁਣ ਕੋਵਿਡ-19 ਟੈਸਟ ਦਾ ਨੈਗੇਟਿਵ ਸਬੂਤ ਵੀ ਨਹੀਂ ਵਿਖਾਉਣਾ ਹੋਵੇਗਾ।

ਪਹਿਲੀ ਅਪਰੈਲ ਤੋਂ ਫੈਡਰਲ ਸਰਕਾਰ ਵੱਲੋਂ ਪੂਰੀ ਤਰ੍ਹਾਂ ਵੈਕਸੀਨੇਸ਼ਨ ਕਰਵਾ ਚੁੱਕੇ ਟਰੈਵਲਰਜ਼ ਕੋਲੋਂ ਕੈਨੇਡਾ ਪਹੁੰਚਣ ਤੋਂ ਪਹਿਲਾਂ ਕਰਵਾਏ ਗਏ ਕੋਵਿਡ-19 ਟੈਸਟ ਦੀ ਨੈਗਰੇਟਿਵ ਰਿਪੋਰਟ ਵਿਖਾਉਣ ਵਾਲਾ ਨਿਯਮ ਹਟਾਇਆ ਜਾ ਰਿਹਾ ਹੈ। ਪਰ ਏਅਰਪੋਰਟ ਉੱਤੇ ਯਾਤਰੀਆਂ ਨੂੰ ਅਚਨਚੇਤੀ ਪੀਸੀਆਰ ਟੈਸਟਿੰਗ ਲਈ ਚੁਣਿਆ ਜਾ ਸਕਦਾ ਹੈ। ਸਿਹਤ ਮੰਤਰੀ ਜੀਨ-ਯਵੇਸ ਡਕਲਸ, ਟਰਾਂਸਪੋਰਟ ਮੰਤਰੀ ਓਮਰ ਅਲਘਬਰਾ ਤੇ ਟੂਰਿਜ਼ਮ ਮੰਤਰੀ ਰੈਂਡੀ ਬੋਇਸਨੌਲਟ ਵੱਲੋਂ ਮਹਾਂਮਾਰੀ ਸਬੰਧੀ ਨਿਯਮਾਂ ਵਿੱਚ ਢਿੱਲ ਦੇਣ ਦਾ ਐਲਾਨ ਵੀਰਵਾਰ ਨੂੰ ਕੀਤਾ ਜਾਵੇਗਾ। ਬਾਰਡਰ ਨਿਯਮਾਂ ਅਨੁਸਾਰ ਪੂਰੀ ਤਰ੍ਹਾਂ ਵੈਕਸੀਨੇਸ਼ਨ ਕਰਵਾ ਚੁੱਕੇ ਟਰੈਵਲਰਜ਼ ਨੂੰ ਹੈਲਥ ਪ੍ਰੋਫੈਸ਼ਨਲ ਵੱਲੋਂ ਕੀਤੇ ਗਏ ਰੈਪਿਡ ਐਂਟੀਜਨ ਟੈਸਟ ਦੀ ਨੈਗੇਟਿਵ ਰਿਪੋਰਟ, ਜੋ ਕਿ ਨਿਰਧਾਰਤ ਫਲਾਈਟ ਤੋਂ ਪਹਿਲਾਂ ਲਈ ਗਈ ਹੋਵੇਗੀ, ਵਿਖਾਉਣੀ ਹੋਵੇਗੀ। ਇਸ ਟੈਸਟ ਵਾਲੀ ਸ਼ਰਤ ਨੂੰ ਹਟਾਉਣ ਦੀ ਮੰਗ ਟਰੈਵਲ ਤੇ ਟੂਰਿਜ਼ਮ ਆਰਗੇਨਾਈਜ਼ੇਸ਼ਨਜ਼ ਦੇ ਨਾਲ ਨਾਲ ਸਰਹੱਦੀ ਟਾਊਨਜ਼ ਦੇ ਮੇਅਰਜ਼ ਵੱਲੋਂ ਕਦੋਂ ਤੋਂ ਕੀਤੀ ਜਾ ਰਹੀ ਸੀ। ਇਨ੍ਹਾਂ ਵੱਲੋਂ ਆਖਿਆ ਜਾ ਰਿਹਾ ਸੀ ਕਿ ਇਸ ਨਿਯਮ ਦੀ ਸਾਇੰਸ ਵੱਲੋਂ ਕੋਈ ਪੁਸ਼ਟੀ ਨਹੀਂ ਸੀ ਕੀਤੀ ਗਈ ਤੇ ਇਸ ਨਾਲ ਟੈਰਵਲਰਜ਼ ਉੱਤੇ ਤੇ ਹੋਰਨਾਂ ਮਹਿਕਮਿਆਂ ਉੱਤੇ ਵਾਧੂ ਦਾ ਵਿੱਤੀ ਬੋਝ ਪੈ ਰਿਹਾ ਸੀ।

## ਯੂਕਰੇਨ ਦੀ ਅਪੀਲ ਦੇ ਬਾਵਜੂਦ ਸਾਰਿਆਂ ਦੀ ਭਲਾਈ ਲਈ ਸਖ਼ਤ ਫੈਸਲੇ ਲੈਣੇ ਪੈਣਗੇ : ਟਰੂਡੋ

ਓਟਵਾ, 16 ਮਾਰਚ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਕਿ ਯੂਕਰੇਨ ਵਿੱਚ ਰੂਸ ਵੱਲੋਂ ਕੀਤੀ ਜਾ ਰਹੀ ਬੰਬਾਰੀ ਵਿੱਚ ਤਬਾਹ ਹੋਏ ਹਸਪਤਾਲਾਂ, ਸਕੂਲਾਂ, ਮਾਰੇ ਗਏ ਲੋਕਾਂ ਦੀਆਂ ਤਸਵੀਰਾਂ ਵੇਖਣ ਅਤੇ ਰਾਸ਼ਟਰਪਤੀ ਜ਼ੈਲੈਂਸਕੀ ਵੱਲੋਂ ਜੰਗ ਦੇ ਝੰਬੇ ਮੁਲਕ ਉੱਤੇ ਨੋ ਫਲਾਈ ਜ਼ੋਨ ਬਣਾਉਣ ਦੀ ਅਪੀਲ ਦੇ ਬਾਵਜੂਦ ਕੈਨੇਡਾ ਨੂੰ ਕੁੱਝ ਸਖ਼ਤ ਫੈਸਲੇ ਲੈਣੇ ਪੈ ਰਹੇ ਹਨ।

ਨੌਰਥ ਐਟਲਾਂਟਿਕ ਟ੍ਰੀਟੀ ਆਰਗੇਨਾਈਜ਼ੇਸ਼ਨ (ਨਾਟੋ) ਦੇ



ਮੈਂਬਰ ਮੁਲਕਾਂ, ਜਿਨ੍ਹਾਂ ਵਿੱਚ ਕੈਨੇਡਾ ਵੀ ਸ਼ਾਮਲ ਹੈ, ਨੇ ਪ੍ਰੈਜ਼ੀਡੈਂਟ ਵੋਲੋਦੀਮੀਰ ਜ਼ੈਲੈਂਸਕੀ ਦੀ ਯੂਕਰੇਨ ਉੱਤੇ ਨੋ ਫਲਾਈ ਜ਼ੋਨ ਬਣਾਉਣ ਦੀ ਅਪੀਲ ਖਾਰਜ ਕਰ ਦਿੱਤੀ ਕਿਉਂਕਿ ਇਨ੍ਹਾਂ ਮੁਲਕਾਂ ਦਾ ਮੰਨਣਾ ਹੈ ਕਿ ਇਸ ਨਾਲ ਹਾਲਾਤ ਸੁਧਰਨ ਦੀ ਬਜਾਇ ਹੋਰ ਵਿਗੜ ਜਾਣਗੇ।

ਐਲਿਸਟਨ, ਓਨਟਾਰੀਓ ਵਿੱਚ ਕੈਨੇਡਾ ਦੇ ਆਟੋਮੋਟਿਵ ਸੈਕਟਰ ਲਈ ਨਵੀਂ ਮਦਦ ਦਾ ਐਲਾਨ ਕਰਦਿਆਂ ਟਰੂਡੋ ਨੇ ਨਿਊਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਨੋ ਫਲਾਈ ਜ਼ੋਨ ਨਾਲ ਯੂਕਰੇਨ ਵਿੱਚ ਹੋ ਰਹੀ ਤਬਾਹੀ ਤਾਂ ਸ਼ਾਇਦ ਨਾ ਰੁਕੇ ਸਗੋਂ ਨਾਟੋ ਵੱਲੋਂ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਕੀਤੇ ਜਾਣ ਨਾਲ ਨਾਟੋ ਤੇ ਰੂਸ ਵਿਚਾਲੇ ਜੰਗ ਜ਼ਰੂਰ ਸ਼ੁਰੂ ਹੋ ਸਕਦੀ ਹੈ। ...ਬਾਕੀ ਪੰਨਾ 3 'ਤੇ

## ਟੈਕਸਸ ਵਿੱਚ ਹੋਏ ਹਾਦਸੇ ਵਿੱਚ ਨੌਂ ਹਲਾਕ, ਓਨਟਾਰੀਓ ਦੇ ਦੋ ਵਿਦਿਆਰਥੀ ਜ਼ਖ਼ਮੀ

ਓਨਟਾਰੀਓ, 16 ਮਾਰਚ (ਪੋਸਟ ਬਿਊਰੋ) : ਮੰਗਲਵਾਰ ਨੂੰ ਟੈਕਸਸ ਵਿੱਚ ਹੋਏ ਹਾਦਸੇ ਵਿੱਚ ਓਨਟਾਰੀਓ ਦੇ ਗੌਲਫ ਦੇ ਦੋ ਵਿਦਿਆਰਥੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ ਜਦਕਿ ਇਸ ਹਾਦਸੇ ਵਿੱਚ ਨੌਂ ਲੋਕ ਮਾਰੇ ਗਏ।



ਟੈਕਸਸ ਦੇ ਡਿਪਾਰਟਮੈਂਟ ਆਫ ਪਬਲਿਕ ਸੇਫਟੀ ਅਨੁਸਾਰ ਇਹ ਹਾਦਸਾ ਸਿਟੀ ਆਫ ਐਂਡਰਿਊਂ ਤੋਂ 15 ਕਿਲੋਮੀਟਰ ਪੂਰਬ ਵੱਲ ਰਾਤੀਂ 8:15 ਵਜੇ ਵਾਪਰਿਆ। ਅਧਿਕਾਰੀਆਂ ਅਨੁਸਾਰ ਡੌਜ 2500 ਪਿੱਕਅੱਪ ਟਰੱਕ ਦੋ ਲੇਨ ਵਾਲੀ ਸੜਕ ਦੀ ਸੈਂਟਰ ਲਾਈਨ ਪਾਰ ਕਰਦਾ ਹੋਇਆ ਦੂਜੇ ਪਾਸੇ ਜਾ ਵੜਿਆ ਤੇ ਸਾਹਮਣੇ ਤੋਂ ਆ ਰਹੀ ਫੋਰਡ ਟਰਾਂਜ਼ਿਟ ਵੈਨ, ਜਿਸ ਵਿੱਚ ਯੂਨੀਵਰਸਿਟੀ ਆਫ ਸਾਊਥਵੈਸਟ ਦੀ ਮੈਨਜ਼ ਤੇ ਵੂਮਨਜ਼ ਗੌਲਫ ਟੀਮਾਂ ਸਵਾਰ ਸਨ, ਨਾਲ ਜਾ ਟਕਰਾਇਆ। ਟੱਕਰ ਐਨੀ ਜ਼ਬਰਦਸਤ ਸੀ ਕਿ ਦੋਵਾਂ ਗੱਡੀਆਂ ਨੂੰ ਅੱਗ ਲੱਗ ਗਈ। ਡੌਜ 2500 ਪਿੱਕਅੱਪ ਟਰੱਕ ਵਿੱਚ ਸਵਾਰ ਦੋਵਾਂ ਵਿਅਕਤੀਆਂ ਦੀ ਮੌਤ ਹੋ ਗਈ। ਫੋਰਡ ਪੈਸੰਜਰ ਵੈਨ ਵਿੱਚ ਸਵਾਰ ਛੇ ਵਿਦਿਆਰਥੀਆਂ ਤੇ ਇੱਕ ਫੈਕਲਟੀ ਮੈਂਬਰ ਦੀ ਵੀ ਇਸ ਹਾਦਸੇ ਵਿੱਚ ਮੌਤ ਹੋ ਗਈ। ਇਹ ਜਾਣਕਾਰੀ ਟੈਕਸਸ ਡਿਪਾਰਟਮੈਂਟ ਆਫ ਪਬਲਿਕ ਸੇਫਟੀ ਨੇ ਦਿੱਤੀ।

ਅਧਿਕਾਰੀਆਂ ਅਨੁਸਾਰ ਫੋਰਡ ਪੈਸੰਜਰ ਵੈਨ ਟੈਕਸਸ ਵਿੱਚ ਗੌਲਫ ਟੂਰਨਾਮੈਂਟ ਤੋਂ ਬਾਅਦ ਕੈਂਪਸ ਪਰਤ ਰਹੀ ਸੀ। ਅਧਿਕਾਰੀਆਂ ਨੇ ਦੱਸਿਆ ਕਿ ਪੈਸੰਜਰ ਵੈਨ ਵਿੱਚ ਸਵਾਰ ਓਨਟਾਰੀਓ ਦੇ ਦੋ ਵਿਦਿਆਰਥੀ ਹੀ ਜਿਊਂਦੇ ਬਚੇ ਹਨ ਪਰ ਉਨ੍ਹਾਂ ਦੀ ਹਾਲਤ ਵੀ ਨਾਜ਼ੁਕ ਹੈ। ਹਾਦਸੇ ਤੋਂ ਬਾਅਦ ਉਨ੍ਹਾਂ ਨੂੰ ਲੁਬਕ ਵਿੱਚ ਯੂਨੀਵਰਸਿਟੀ ਮੈਡੀਕਲ ਸੈਂਟਰ ਲਿਜਾਇਆ ਗਿਆ। ਉਨ੍ਹਾਂ ਦੀ ਪਛਾਣ ਮਿਸੀਸਾਗਾ ਦੇ 19 ਸਾਲਾ ਡੇਅਟਨ ਪ੍ਰਾਈਸ ਤੇ ਕਿੰਗਸਟਨ ਦੇ ਨੇੜੇ ਐਮਹਰਸਟਵਿਊ ਦੇ 20 ਸਾਲਾ ਹੇਡਨ ਐਂਡਰਹਿੱਲ ਵਜੋਂ ਹੋਈ ਹੈ।

## ਜਾਪਾਨ ਵਿੱਚ ਆਇਆ 7.3 ਗਤੀ ਦਾ ਭੂਚਾਲ

### ਬੀਸੀ ਵਿੱਚ ਸੁਨਾਮੀ ਦੀ ਸੰਭਾਵਨਾ ਨਹੀਂ



ਟੋਕੀਓ, 16 ਮਾਰਚ (ਪੋਸਟ ਬਿਊਰੋ) : ਬੁੱਧਵਾਰ ਨੂੰ ਜਾਪਾਨ ਵਿੱਚ ਆਏ ਜ਼ਬਰਦਸਤ ਭੂਚਾਲ ਕਾਰਨ ਚਾਰ ਵਿਅਕਤੀ ਮਾਰੇ ਗਏ ਜਦਕਿ 97 ਹੋਰ ਜ਼ਖ਼ਮੀ ਹੋ ਗਏ। ਨਿੱਕੀਆਂ ਸੁਨਾਮੀ ਲਹਿਰਾਂ ਕਿਨਾਰੇ ਤੱਕ ਵੀ ਪਹੁੰਚੀਆਂ ਪਰ ਖਤਰਾ ਟਲਣ ਤੋਂ ਬਾਅਦ ਇਸ ਸਬੰਧ ਵਿੱਚ ਜਾਰੀ ਕੀਤੀ ਗਈ ਚੇਤਾਵਨੀ ਵੀਰਵਾਰ ਸਵੇਰ ਤੱਕ ਹਟਾ ਦਿੱਤੀ ਗਈ।

ਭੂਚਾਲ ਕਾਰਨ ਬ੍ਰਿਟਿਸ਼ ਕੋਲੰਬੀਆ ਵਿੱਚ ਸੁਨਾਮੀ ਆਉਣ ਦੀ ਕੋਈ ਸੰਭਾਵਨਾ ਨਹੀਂ ਹੈ। ਇਹ ਜਾਣਕਾਰੀ ਰਿਸਰਚਰਜ਼ ਨੇ ਦਿੱਤੀ। ਸਥਾਨਕ ਸਮੇਂ ਅਨੁਸਾਰ ਉੱਤਰੀ ਜਾਪਾਨ ਵਿੱਚ ਫੁਕੂਸ਼ੀਮਾਂ ਤੱਟ ਉੱਤੇ ਰਾਤੀਂ 11:36 ਵਜੇ 7.3 ਦੀ ਗਤੀ ਦਾ ਭੂਚਾਲ ਆਇਆ। ਇਸ ਨਾਲ ਸੁਨਾਮੀ ਦੀ ਐਡਵਾਈਜ਼ਰੀ ਜਾਰੀ ਕੀਤੀ ਗਈ ਤੇ ਟੋਕੀਓ ਵਿੱਚ ਲੱਗਭਗ ਦੋ ਮਿਲੀਅਨ ਘਰਾਂ ਦੀ ਬਿਜਲੀ ਗੁੱਲ ਹੋ ਗਈ। ਜਾਪਾਨ ਦੀ ਮੌਸਮ ਸਬੰਧੀ ਏਜੰਸੀ ਦਾ ਕਹਿਣਾ ਹੈ ਕਿ ਭੂਚਾਲ ਸਮੁੰਦਰ ਤੋਂ 60 ਕਿਲੋਮੀਟਰ ਹੇਠਾਂ ਆਇਆ।

ਨੈਚੁਰਲ ਰਿਸੋਰਸਿਜ਼ ਕੈਨੇਡਾ ਦੇ ਭੂਚਾਲ ਸਬੰਧੀ ਮਾਹਿਰ ਜੌਹਨ ਕੈਸਿਡੀ ਨੇ ਆਖਿਆ ਕਿ ਭੂਚਾਲ ਤੋਂ ਉੱਠੀਆਂ ਪਹਿਲੀਆਂ ਸਮੁੰਦਰੀ ਲਹਿਰਾਂ ਨੂੰ ਦੱਖਣੀ ਵੈਨਕੂਵਰ ਆਈਲੈਂਡ ਤੱਕ ਪਹੁੰਚਣ ਲਈ 11 ਮਿੰਟ ਦਾ ਸਮਾਂ ਲੱਗਿਆ। ਯੂਐਸ ਨੈਸ਼ਨਲ ਸੁਨਾਮੀ ਵਾਰਨਿੰਗ ਸੈਂਟਰ ਨੇ ਸਵੇਰੇ 8:00 ਵਜੇ ਤੋਂ ਪਹਿਲਾਂ ਟਵੀਟ ਕਰਕੇ ਆਖਿਆ ਕਿ ਸੁਨਾਮੀ ਦੇ ਬੀਸੀ, ਅਲਾਸਕਾ, ਕੈਲੇਫੋਰਨੀਆ, ਓਰੇਗਨ ਜਾਂ ਵਾਸ਼ਿੰਗਟਨ ਸਟੇਟ ਤੱਕ ਪਹੁੰਚਣ ਦੀ ਕੋਈ ਸੰਭਾਵਨਾ ਨਹੀਂ।

ਫੁਕੂਸ਼ੀਮਾ, ਜਾਪਾਨ ਦਾ ਉਹੀ ਹਿੱਸਾ ਹੈ ਜਿੱਥੇ 11 ਸਾਲ ਪਹਿਲਾਂ 9.0 ਦੀ ਗਤੀ ਦਾ ਭੂਚਾਲ ਤੇ ਸੁਨਾਮੀ ਆਈ ਸੀ ਜਿਸ ਕਾਰਨ ਪ੍ਰਮਾਣੂ ਪਲਾਂਟ ਨੂੰ ਵੀ ਵੱਡਾ ਨੁਕਸਾਨ ਪਹੁੰਚਿਆ ਸੀ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

MOTEL FOR SALE ON HWY 7
IN THE MIDDLE OF TORONTO AND OTTAWA
$1,275,000
• Excellent Cash Flow And Low Vacancy Rate
• Low Operating Costs
• Many Recent Upgrades To Rooms
• New Security Camera System
• Plan Approved For Additional Unit
RAJ HANDA BROKER OF RECORD
DIR: 647-546-5228
OFF: 905-457-4588
SAVE MAX GLOBAL REALTY
RAJ@SAVEMAXGLOBALREALTY.COM

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

Locations: Woodbridge, Mississauga, Scarborough
YES! Immigration
Yes we can...
Celebrating 16 Years
16 ਸਾਲਾਂ ਤੋਂ ਤੁਹਾਡੀ ਸੇਵਾ ਵਿੱਚ
ਇੰਮੀਗ੍ਰੇਸ਼ਨ ਸੇਵਾਵਾਂ 10-20% Discount
ICCRC
Raj Narang
Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
416-724-5000

ROYAL STAR Realty Inc. Brokerage
Off: 905-793-1111
Fax: 905-793-1455
RESIDENTIAL | COMMERCIAL | INVESTMENT
Serving you from one of the Largest Offices in GTA !
GURVIR DHILLON Sales Representative
Dir: 647-409-1302
170 Steelwell Rd., Unit 200, Brampton, ON L6T 5T3
gaggi04@hotmail.com | www.royalstarrealty.com

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Aaxel InsuranceBrokers Ltd. 1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Dubai Jewellers
10% additional discount on gold and upto 50% on diamond.
ਨਵੇਂ ਬਣੇ ਪਲਾਜ਼ਾ ਦੇ ਵਿਚ
2700 Northpark Drive
Unit #19, Brampton
Ontario L6S 0E9
North Park & Airport Major Intersection
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8)
(Monday Closed)
Dubai Jewellers
Raj & Gulshan
Mob: 416-465-1200
www.dubaijewellers.ca
info@dubaijewellers.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca




# Now Hiring

LIGHT SPEED Logistics Inc.

## Owner Operators

| | |
|---|---|
| US TEAM | $2.09 |
| US SINGLE | $1.94 |
| ONTARIO/QUEBEC TO MIDWEST | $2.24 |
| CANADIAN TEAM | $1.89 |
| CANADIAN SINGLE | $1.74 |
| (AB-BC) (BC-AB) | $2.29 |

## Company Drivers

| | |
|---|---|
| US TEAM | $0.86 |
| US SINGLE | $0.62 |
| CANADIAN TEAM | $0.66 |
| CANADIAN SINGLE | $0.50 |
| ON/QC TEAM TO MID-WEST | $0.96 |
| ON/QC SINGLE TO MID-WEST | $0.72 |
| (AB-BC) (BC-AB) TEAM | $0.81 |
| (AB-BC) (BC-AB) SINGLE | $0.65 |

* Conditions Apply

Call us or Drop in!

JAGGI DHILLON : 403-542-4258
GURBIR SARAN : 416-768-5441
1-800-397-6009 (Press Option 3)
122 Carmek Blvd, Rocky View AB T1X 1X1

safedrivers@lslinc.com www.lslinc.com



# EXCLUSIVE OFFER!

## GET A $15 IN-STORE CREDIT

*WITH NEW ACTIVATION ON A $25/MO
DATA, TALK, & TEXT PLAN OR HIGHER



chatr™
AUTHORIZED DEALER

1 Promenade Circle | Thornhill, ON | 647-274-3808
2456 Lake Shore Blvd West | Etobicoke, ON | 416-259-3654
379 Main St. North | Brampton, ON | 905-451-0379

See in-store for details. Offer available March 6th - 31st, 2022 and subject to change without notice. *Only applicable with new activation on a $25/mo Data, Talk & Text plan or higher. In-store credit cannot be applied to top-ups, bill payments, SIM cards, vouchers or redeemed for cash and has no cash value. Visit chatrmobile.com/plans for more details. Taxes are extra and while quantities last. ™ Trademarks used under license ©2022

# ਬੋਰਡਿੰਗ ਹਾਊਸ ਵਿਚ ਭਿਆਨਕ ਅੱਗ ਨਾਲ 3 ਜਣੇ ਜ਼ਿੰਦਾ ਸੜੇ



ਸਿਡਨੀ, 16 ਮਾਰਚ (ਪੋਸਟ ਬਿਊਰੋ)- ਸਿਡਨੀ ਵਿੱਚ ਇੱਕ ਬੋਰਡਿੰਗ ਹਾਊਸ ਵਿੱਚ ਅੱਗ ਲੱਗਣ ਕਾਰਨ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਇੱਕ ਦੀ ਹਾਲਤ ਗੰਭੀਰ ਹੈ।

ਮਿਲੀ ਰਿਪੋਰਟ ਅਨੁਸਾਰ ਕੱਲ੍ਹ ਸਵੇਰੇ ਸਿਡਨੀ ਦੇ ਅੰਦਰੂਨੀ ਪੱਛਮ ਵਿੱਚ ਇੱਕ ਉਪਨਗਰ ਨਿਊਟਾਊਨ ਵਿੱਚ ਦੋ-ਮੰਜ਼ਿਲਾ ਬੋਰਡਿੰਗ ਹਾਊਸ ਵਿੱਚ ਫ਼ਾਇਰਫ਼ਾਈਟਰਾਂ ਨੂੰ ਬੁਲਾਇਆ ਗਿਆ। ਫ਼ਾਇਰ ਫ਼ਾਈਟਰਜ਼ ਨੇ ਦੱਸਿਆ ਕਿ ਅੱਗ ਉੱਤੇ ਕਾਬੂ ਪਾਉਣ ਵਿਚ ਕਰੀਬ ਦੋ ਘੰਟੇ ਲੱਗੇ। ਸਵੇਰੇ ਮਲਬੇ ਵਿੱਚੋਂ ਇੱਕ ਲਾਸ਼ ਬਰਾਮਦ ਕੀਤੀ ਗਈ, ਜਦਕਿ ਬਾਅਦ ਦੁਪਹਿਰ ਦੋ ਹੋਰ ਲਾਸ਼ਾਂ ਮਿਲੀਆਂ। ਪੁਲਸ ਨੇ ਕਿਹਾ ਕਿ ਅੱਗ ਤੋਂ ਬਚਣ ਵਾਲੇ ਚੌਥੇ ਵਿਅਕਤੀ ਦੀ ਹਾਲਤ ਗੰਭੀਰ ਹੈ ਅਤੇ ਉਸ ਦਾ ਸੈਂਟਰਲ ਸਿਡਨੀ ਹਸਪਤਾਲ ਵਿੱਚ ਇਲਾਜ ਹੋ ਰਿਹਾ ਹੈ। ਨਿਊ ਸਾਊਥ ਵੇਲਜ਼ ਪੁਲਸ ਦੇ ਸਹਾਇਕ ਕਮਿਸ਼ਨਰ ਨੇ ਕਿਹਾ ਕਿ ਇਸ ਘਟਨਾ ਦੀ ਕਤਲ ਵਜੋਂ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ,''ਅਸੀਂ ਇਸ ਨੂੰ ਸ਼ੱਕੀ ਮੰਨ ਰਹੇ ਹਾਂ- ਇਹ ਇੱਕ ਧਮਾਕਾ ਸੀ, ਅੱਗ ਨੇ ਬਹੁਤ ਤੇਜ਼ੀ ਨਾਲ ਜ਼ੋਰ ਫੜ ਲਿਆ ਸੀ।'

# ਓਨਟਾਰੀਓ ਦੇ ਪਲਾਂਟ ਨੂੰ ਅਪਗ੍ਰੇਡ ਕਰੇਗੀ ਹੌਂਡਾ ਫੈਡਰਲ ਤੇ ਪ੍ਰੋਵਿੰਸ਼ੀਅਲ ਸਰਕਾਰਾਂ ਵੀ ਕਰਨਗੀਆਂ ਨਿਵੇਸ਼



ਐਲਿਸਟਨ, ਓਨਟਾਰੀਓ, 16 ਮਾਰਚ (ਪੋਸਟ ਬਿਊਰੋ) : ਹੌਂਡਾ ਕੈਨੇਡਾ ਇਨਕਾਰਪੋਰੇਸ਼ਨ ਦੀ ਇੱਕ ਡਵੀਜ਼ਨ ਵੱਲੋਂ ਬੁੱਧਵਾਰ ਨੂੰ ਅਗਲੇ ਛੇ ਸਾਲਾਂ ਵਿੱਚ 1.38 ਬਿਲੀਅਨ ਡਾਲਰ ਖਰਚਣ ਦਾ ਐਲਾਨ ਕੀਤਾ ਜਾਵੇਗਾ। ਇਹ ਰਕਮ ਇਲੈਕਟ੍ਰਿਕ ਹਾਈਬ੍ਰਿਡ ਵ੍ਹੀਕਲਜ਼ ਤਿਆਰ ਕਰਨ ਲਈ ਓਨਟਾਰੀਓ ਦੇ ਇੱਕ ਮੈਨੂਫੈਕਚਰਿੰਗ ਪਲਾਂਟ ਉੱਤੇ ਖਰਚ ਕੀਤੀ ਜਾਵੇਗੀ। ਇਸ ਨਿਵੇਸ਼ ਵਿੱਚ ਫੈਡਰਲ ਤੇ ਪ੍ਰੋਵਿੰਸ਼ੀਅਲ ਸਰਕਾਰਾਂ ਦੀ ਵੱਡੀ ਹਿੱਸੇਦਾਰੀ ਹੋਵੇਗੀ।

ਹੌਂਡਾ ਕੈਨੇਡਾ ਦੇ ਬੁਲਾਰੇ ਜੌਹਨ ਬਰਡਿਗਨੌਨ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ 2023 ਸੀਆਰ-ਵੀ ਤੇ ਸੀਆਰ-ਵੀ ਹਾਈਬ੍ਰਿਡ ਕਾਰਾਂ ਕੰਪਨੀ ਦੀ ਐਲਿਸਟਨ, ਓਨਟਾਰੀਓ ਪਲਾਂਟ ਵਿੱਚ ਤਿਆਰ ਕੀਤੀਆਂ ਜਾਣਗੀਆਂ। ਇਸ ਰਲੀਜ਼ ਵਿੱਚ ਆਖਿਆ ਗਿਆ ਹੈ ਕਿ ਫੈਡਰਲ ਤੇ ਪ੍ਰੋਵਿੰਸ਼ੀਅਲ ਸਰਕਾਰਾਂ 263 ਮਿਲੀਅਨ ਡਾਲਰ ਵਿੱਚੋਂ 131.6 ਮਿਲੀਅਨ ਡਾਲਰ (ਸਰਕਾਰਾਂ ਦੇ ਦੋਵੇਂ ਪੱਧਰ ਏਨੀ- ਏਨੀ ਹੀ ਰਕਮ) ਦਾ ਨਿਵੇਸ਼ ਕਰਨਗੇ। ਇਸ ਨਿਵੇਸ਼ ਦੀ ਪੁਸ਼ਟੀ ਸਰਕਾਰੀ ਸੂਤਰ ਵੱਲੋਂ ਕੀਤੀ ਗਈ।

ਇਸ ਨਾਲ 1986 ਤੋਂ ਹੁਣ ਤੱਕ ਹੌਂਡਾ ਵੱਲੋਂ 6 ਬਿਲੀਅਨ ਡਾਲਰ ਤੋਂ ਵੱਧ ਦਾ ਕੈਨੇਡੀਅਨ ਮੈਨੂਫੈਕਚਰਿੰਗ ਨਿਵੇਸ਼ ਹੋ ਜਾਵੇਗਾ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਵੱਲੋਂ ਇਸ ਐਲਾਨ ਸਮੇਂ ਸ਼ਮੂਲੀਅਤ ਕੀਤੇ ਜਾਣ ਦੀ ਸੰਭਾਵਨਾ ਹੈ।

# ਕੰਜ਼ਰਵੇਟਿਵ ਲੀਡਰਸ਼ਿਪ ਦੌੜ ਦੇ ਉਮੀਦਵਾਰਾਂ ਦਾ ਸਮਰਥਨ ਨਹੀਂ ਕਰਨਗੇ ਫੋਰਡ ਕਾਕਸ ਦੇ ਮੈਂਬਰ



ਓਨਟਾਰੀਓ, 16 ਮਾਰਚ (ਪੋਸਟ ਬਿਊਰੋ) :ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਦਾ ਕਹਿਣਾ ਹੈ ਕਿ ਨਾ ਹੀ ਉਨ੍ਹਾਂ ਨੇ ਤੇ ਨਾ ਹੀ ਪ੍ਰੋਗਰੈਸਿਵ ਕੰਜ਼ਰਵੇਟਿਵ ਕਾਕਸ ਮੈਂਬਰਾਂ ਵੱਲੋਂ ਫੈਡਰਲ ਕੰਜ਼ਰਵੇਟਿਵ ਪਾਰਟੀ ਦੀ ਲੀਡਰਸ਼ਿਪ ਦੌੜ ਵਿੱਚ ਸ਼ਾਮਲ ਕਿਸੇ ਉਮੀਦਵਾਰ ਦਾ ਸਮਰਥਨ ਨਹੀਂ ਕਰਨਗੇ।

ਜ਼ਿਕਰਯੋਗ ਹੈ ਕਿ ਉਮੀਦਵਾਰਾਂ ਵਿੱਚੋਂ ਇੱਕ ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ ਹਨ, ਜਿਹੜੇ ਫੋਰਡ ਤੋਂ ਪਹਿਲਾਂ ਪ੍ਰੋਗਰੈਸਿਵ ਕੰਜ਼ਰਵੇਟਿਵ ਪਾਰਟੀ ਦੇ ਆਗੂ ਰਹਿ ਚੁੱਕੇ ਹਨ। ਫੋਰਡ ਕਾਕਸ ਦੇ ਕਈ ਮੈਂਬਰ ਬ੍ਰਾਊਨ ਦੀ ਲੀਡਰਸ਼ਿਪ ਸਮੇਂ ਪ੍ਰੋਵਿੰਸ਼ੀਅਲ ਪਾਰਲੀਆਮੈਂਟ ਦੇ ਮੈਂਬਰ ਵੀ ਰਹਿ ਚੁੱਕੇ ਹਨ। ਪਰ ਬਹੁਗਿਣਤੀ ਵੱਲੋਂ ਇਸ ਉੱਘੀ ਜੌਬ ਲਈ ਮੌਜੂਦਾ ਸਿਹਤ ਮੰਤਰੀ ਕ੍ਰਿਸਟੀਨ ਐਲੀਅਟ ਦਾ ਸਮਰਥਨ ਕੀਤਾ ਗਿਆ। ਜਿਸ ਸਮੇਂ ਸਕੈਂਡਲ ਖ਼ਤਮ ਹੋਇਆ ਉਸ ਸਮੇਂ ਬ੍ਰਾਊਨ ਨਾਲ ਉਨ੍ਹਾਂ ਦੀ ਪਾਰਟੀ ਦੇ ਬਹੁਤੇ ਮੈਂਬਰ ਨਹੀਂ ਸਨ।

ਇੱਥੇ ਦੱਸਣਾ ਬਣਦਾ ਹੈ ਕਿ ਬ੍ਰਾਊਨ ਉੱਤੇ ਜਿਨਸੀ ਸ਼ੋਸ਼ਣ ਦੇ ਦੋਸ਼ ਲੱਗੇ ਸਨ, ਜਿਨ੍ਹਾਂ ਤੋਂ ਬ੍ਰਾਊਨ ਵੱਲੋਂ ਇਨਕਾਰ ਕੀਤਾ ਗਿਆ ਸੀ। 2018 ਦੀਆਂ ਚੋਣਾਂ ਤੋਂ ਕਈ ਮਹੀਨੇ ਪਹਿਲਾਂ ਸੀਟੀਵੀ ਵੱਲੋਂ ਇਨ੍ਹਾਂ ਨੂੰ ਪਬਲਿਸ਼ ਕੀਤਾ ਜਾ ਚੁੱਕਿਆ ਸੀ। ਬ੍ਰਾਊਨ ਦਾ ਇਸ ਮਾਮਲੇ ਵਿੱਚ ਚੱਲ ਰਿਹਾ ਮਾਨਹਾਨੀ ਦਾ ਮਾਮਲਾ ਵੀ ਹੱਲ ਹੋ ਚੁੱਕਿਆ ਹੈ।

ਇੱਕ ਹੋਰ ਲੀਡਰਸ਼ਿਪ ਉਮੀਦਵਾਰ ਰੋਮਨ ਬੇਬਰ ਹਨ, ਜਿਹੜੇ ਜਨਵਰੀ 2021 ਤੋਂ ਓਨਟਾਰੀਓ ਵਿਧਾਨਸਭਾ ਦੇ ਆਜ਼ਾਦ ਮੈਂਬਰ ਹਨ। ਇਸ ਤੋਂ ਪਹਿਲਾਂ ਕੋਵਿਡ-19 ਲਾਕਡਾਊਨਜ਼ ਦਾ ਖੁੱਲ੍ਹ ਕੇ ਵਿਰੋਧ ਕਰਨ ਉੱਤੇ ਬੇਬਰ ਨੂੰ ਫੋਰਡ ਨੇ ਪ੍ਰੋਗਰੈਸਿਵ ਕੰਜ਼ਰਵੇਟਿਵ ਕਾਕਸ ਤੋਂ ਬਾਹਰ ਕਰ ਦਿੱਤਾ ਸੀ।

# ਯੂਕਰੇਨ ਦੀ ਅਪੀਲ ਦੇ ਬਾਵਜੂਦ ਸਾਰਿਆਂ ਦੀ ਭਲਾਈ ਲਈ ਸਖ਼ਤ ਫੈਸਲੇ ਲੈਣੇ ਪੈਣਗੇ : ਟਰੂਡੋ

...ਪੰਨਾ 1 ਦਾ ਬਾਕੀ


ਇਹੋ ਜਿਹੇ ਹੀ ਵਿਚਾਰ ਸਕੱਤਰ ਜਨਰਲ ਜੈਨਸ ਸਟੋਲਟਨਬਰਗ ਨੇ ਇੱਕ ਵੱਖਰੀ ਨਿਊਜ਼ ਕਾਨਫਰੰਸ ਵਿੱਚ ਪ੍ਰਗਟਾਏ।

ਜ਼ੈਲੈਂਸਕੀ ਦੀ ਅਜਿਹੀ ਬੇਨਤੀ ਤੋਂ ਕੁੱਝ ਘੰਟਿਆਂ ਬਾਅਦ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਨੇ ਯੂਕਰੇਨ ਨੂੰ 800 ਮਿਲੀਅਨ ਡਾਲਰ ਦੀ ਮਦਦ ਮੁਹੱਈਆ ਕਰਵਾਉਣ ਲਈ ਵਿਦੇਸ਼ ਮੰਤਰਾਲੇ ਨੂੰ ਖੁੱਲ੍ਹ ਦੇਣ ਵਾਲੇ ਦਸਤਾਵੇਜ਼ ਉੱਤੇ ਦਸਤਖ਼ਤ ਕੀਤੇ। ਇਸ ਤਹਿਤ ਯੂਕਰੇਨ ਨੂੰ ਐਂਟੀ-ਏਅਰਕ੍ਰਾਫਟ ਸਿਸਟਮਜ਼ ਜਿਵੇਂ ਕਿ ਸਟਿੰਗਰ ਮਿਜ਼ਾਈਲਾਂ, ਡਰੋਨ ਤੇ ਹੋਰ ਗੋਲੀ ਸਿੱਕਾ, ਸ਼ੌਟਗੰਨਜ਼, ਮਸ਼ੀਨ ਗੰਨਜ਼, ਗ੍ਰਨੇਡ ਲਾਂਚਰਜ਼ ਤੇ ਹੋਰ ਨਿੱਕੇ ਹਥਿਆਰ ਵੀ ਮੁਹੱਈਆ ਕਰਵਾਏ ਜਾਣਗੇ।

# ਨਵਜੋਤ ਸਿੱਧੂ ਵੱਲੋਂ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਤੋਂ ਅਸਤੀਫਾ

## * ਸੂਬਾ ਇੰਚਾਰਜ ਹਰੀਸ਼ ਚੌਧਰੀ ਉੱਤੇ ਟਿਕਟਾਂ ਵੇਚਣ ਦੇ ਦੋਸ਼ ਲੱਗੇ

ਨਵੀਂ ਦਿੱਲੀ, 16 ਮਾਰਚ, (ਪੋਸਟ ਬਿਊਰੋ)- ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘਸਿੱਧੂ ਨੇ ਅੱਜ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ।ਵਰਨਣ ਯੋਗ ਹੈ ਕਿ ਕਾਂਗਰਸ ਦੀ ਕੌਮੀ ਪ੍ਰਧਾਨ ਸੋਨੀਆ ਗਾਂਧੀ ਨੇ ਪੰਜਾਬ ਸਮੇਤ ਪੰਜ ਰਾਜਾਂ ਦੇ ਕਾਂਗਰਸ ਪ੍ਰਧਾਨਾਂ ਤੋਂ ਅਸਤੀਫਾ ਮੰਗਿਆ ਸੀ, ਜਿੱਥੇ ਤਾਜ਼ਾ ਚੋਣਾਂ ਵਿੱਚ ਕਾਂਗਰਸਨੂੰ ਸ਼ਰਮਨਾਕ ਹਾਰ ਹੋਈ ਸੀ। ਇਸ ਹਦਾਇਤ ਦੇ ਬਾਅਦ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਅਸਤੀਫ਼ਾ ਦੇ ਦਿੱਤਾ ਹੈ।



PUNJAB PRADESH CONGRESS COMMITTEE

To,
The President,
All India Congress committee
Respected Madam
I hereby resign
as President (PPCC)
Sincerely



ਦੂਸਰੇ ਪਾਸੇ ਪੰਜਾਬ ਦੇ ਕਾਂਗਰਸੀ ਆਗੂਆਂ ਨੇ ਪ੍ਰਧਾਨਗੀ ਸੰਭਾਲਣ ਲਈ ਕਮਰ ਕੱਸ ਲਈ ਹੈ। ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਹਾਈਕਮਾਨ ਨੂੰ ਕਹਿਚੁੱਕੇ ਹਨ ਕਿ ਪੰਜਾਬ ਦੀ ਪ੍ਰਧਾਨਗੀ ਬਾਰੇ ਫ਼ੈਸਲਾ ਛੇਤੀਲਵੋ।ਸਾਬਕਾ ਡਿਪਟੀ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ, ਪਾਰਲੀਮੈਂਟ ਮੈਂਬਰ ਰਵਨੀਤ ਸਿੰਘ ਬਿੱਟੂ ਅਤੇ ਬਲਬੀਰ ਸਿੰਘ ਸਿੱਧੂ ਆਦਿ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘਸਿੱਧੂਵਿਰੁੱਧ ਮੋਰਚਾ ਖੋਲ੍ਹਿਆ ਸੀ।ਇਸ ਹਾਲ ਵਿੱਚ ਨਵਜੋਤ ਸਿੱਧੂ ਦੇ ਸਿਆਸੀ ਭਵਿੱਖ ਉੱਤੇ ਵੀ ਸਵਾਲੀਆ ਨਿਸ਼ਾਨ ਲੱਗ ਗਿਆ ਹੈ। ਕਾਂਗਰਸ ਹਾਈਕਮਾਨ ਨੇ ਬਹੁਤ ਉਮੀਦਾਂ ਨਾਲ ਨਵਜੋਤ ਸਿੰਘਸਿੱਧੂ ਨੂੰ ਚੋਣਾਂ ਤੋਂ ਪਹਿਲਾਂ ਪੰਜਾਬ ਕਾਂਗਰਸ ਦੀ ਕਮਾਨ ਸੌਂਪੀ ਸੀ, ਪਰ ਉਸ ਨੇ ਚੋਣਾਂ ਦੌਰਾਨ ਜਿੰਦਾਂ ਦਾ ਵਿਹਾਰ ਕੀਤਾ, ਇਸ ਨਾਲ ਪਾਰਟੀ ਦੀ ਸਥਿਤੀ ਹਾਸੋਹੀਣੀ ਹੋ ਗਈ ਸੀ।

ਪੰਜਾਬ ਵਿਧਾਨ ਸਭਾ ਚੋਣਾਂਵਿੱਚ ਕਾਂਗਰਸ ਦੀ ਵੱਡੀ ਹਾਰ ਬਾਰੇ ਕਾਂਗਰਸ ਵਿੱਚ ਪਿਆ ਧਮੱਚੜ ਪਾਰਟੀ ਹਾਈਕਮਾਂਡ ਦੇ ਤੱਕ ਜਾ ਪੁੱਜਾ ਹੈ।ਅੱਜ ਪਾਰਟੀ ਦੇ ਪੰਜਾਬ ਵਾਲੇ ਪਾਰਲੀਮੈਂਟ ਮੈਂਬਰਾਂ ਨੇ ਕਾਂਗਰਸ ਦੀ ਪ੍ਰਧਾਨ ਸੋਨੀਆ ਗਾਂਧੀ ਨਾਲ ਮੀਟਿੰਗ ਦੌਰਾਨ ਚੋਣਾਂ ਤੋਂ ਪਹਿਲਾਂ ਪੰਜਾਬ ਵਿੱਚ ਹੋਈ ਫੇਰਬਦਲ ਨੂੰ ਹਾਰ ਦਾ ਇੱਕ ਕਾਰਨ ਦੱਸਿਆ, ਪਰ ਟਿਕਟਾਂ ਦੀ ਵੰਡ ਵਿੱਚ ਗੜਬੜ ਦਾ ਮੁੱਦਾ ਚੁੱਕਿਆ ਅਤੇ ਪੰਜਾਬ ਕਾਂਗਰਸ ਦੇ ਇੰਚਾਰਜ ਹਰੀਸ਼ ਚੌਧਰੀ ਉੱਤੇ ਟਿਕਟਾਂ ਦੇਣਵਿੱਚ ਪੈਸੇ ਦੀ ਖੇਡ ਦਾ ਦੋਸ਼ ਲਾਇਆ ਤੇ ਸਕਰੀਨਿੰਗ ਕਮੇਟੀ ਦੇ ਪ੍ਰਧਾਨ ਅਜੇ ਮਾਕਨ ਉੱਤੇ ਵੀ ਕੁਝ ਮੈਂਬਰਾਂ ਨੇ ਸਵਾਲ ਚੁੱਕੇ।ਕਾਂਗਰਸ ਪ੍ਰਧਾਨ ਸੋਨੀਆ ਗਾਂਧੀ ਨੇ ਪਾਰਲੀਮੈਂਟ ਭਵਨ ਕੰਪਲੈਕਸਦੇ ਆਪਣੇ ਦਫਤਰ ਵਿੱਚ ਪੰਜਾਬ ਦੇ ਪਾਰਲੀਮੈਂਟ ਮੈਂਬਰਾਂ ਨਾਲ ਮੀਟਿੰਗ ਕੀਤੀ ਤਾਂਇਨ੍ਹਾਂ ਮੈਂਬਰਾਂ ਨੇ ਹਾਰ ਉੱਤੇ ਨਿਰਾਸ਼ਾ ਜ਼ਾਹਰ ਕਰਦੇ ਹੋਏ ਕਾਂਗਰਸ ਦੀ ਚੋਣ ਰਣਨੀਤੀ ਤੇ ਪ੍ਰਬੰਧਕੀ ਖਾਮੀਆਂ ਗਿਣਾਈਆਂ। ਪੰਜ ਰਾਜਾਂਵਿੱਚ ਹਾਰ ਪਿੱਛੋਂ ਸੋਨੀਆ ਗਾਂਧੀ ਨੇ ਸੰਗਠਨ ਦੀਆਂ ਕਮੀਆਂ ਦੂਰ ਕਰਨ ਤੇ ਬਦਲਾਅ ਲਿਆਉਣ ਦੇ ਯਤਨਾਂ ਵਜੋਂ ਪੰਜਾਬ ਦੇ ਕਾਂਗਰਸੀ ਐੱਮ ਪੀਜ਼ ਨਾਲ ਕਰੀਬ ਡੇਢ ਘੰਟਾ ਚਰਚਾ ਕੀਤੀ।

# ਰਾਸ਼ਟਰਪਤੀ ਚੋਣ ਸ਼ੁਰੂ ਹੋਣ ਤੋਂ ਪਹਿਲਾਂ ਮਮਤਾ ਬੈਨਰਜੀ ਨੇ ਭਾਜਪਾ ਨੂੰ ਲਲਕਾਰਿਆ

ਕੋਲਕਾਤਾ, 16 ਮਾਰਚ, (ਪੋਸਟ ਬਿਊਰੋ)- ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਅੱਜ ਏਥੇ ਕਿਹਾ ਕਿ ਚਾਰ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੀਆਂ ਤਾਜ਼ਾ ਜਿੱਤਾਂ ਦੇ ਬਾਵਜੂਦ ਇਸ ਪਾਰਟੀ ਲਈ ਆਉਣ ਵਾਲੀਆਂ ਰਾਸ਼ਟਰਪਤੀ ਚੋਣਾਂ ਜਿੱਤਣਾ ਸੌਖਾ ਨਹੀਂ, ਕਿਉਂਕਿ ਉਸ ਕੋਲ ਦੇਸ਼ ਵਿੱਚ ਕੁੱਲ ਵਿਧਾਇਕਾਂ ਦੀ ਗਿਣਤੀ ਦਾ ਅੱਧਵੀ ਨਹੀਂ। ਇਹਕਹਿੰਦੇ ਹੋਏ ਕਿ 'ਖੇਡ ਅਜੇ ਖਤਮ ਨਹੀਂ ਹੋਈ', ਬੈਨਰਜੀ ਨੇ ਕਿਹਾ ਕਿ ਜਿਨ੍ਹਾਂ ਕੋਲ ਦੇਸ਼ ਦੇ ਕੁੱਲ ਵਿਧਾਇਕਾਂ ਦਾ ਅੱਧ ਵੀ ਨਹੀਂ, ਉਨ੍ਹਾਂ ਨੂੰ ਵੱਡੀਆਂ ਗੱਲਾਂ ਕਰਨੀਆਂ ਨਹੀਂ ਚਾਹੀਦੀਆਂ,ਵੇਖਣਾ ਚਾਹੀਦਾ ਹੈ ਕਿ ਹਾਰ ਦੇ ਬਾਵਜੂਦ ਸਮਾਜਵਾਦੀ ਪਾਰਟੀ ਵਰਗੀਆਂ ਧਿਰਾਂ ਅੱਗੇ ਨਾਲੋਂ ਵੱਧ ਮਜ਼ਬੂਤ ਹਨ।' ਮਮਤਾ ਬੈਨਰਜੀ ਨੇ ਆਪਣੇ ਰਾਜ ਦੀ ਵਿਧਾਨ ਸਭਾਵਿੱਚ ਕਿਹਾ, 'ਇਸ ਵਾਰ ਰਾਸ਼ਟਰਪਤੀ ਚੋਣ ਭਾਜਪਾ ਵਾਸਤੇ ਇੰਨੀ ਆਸਾਨ ਨਹੀਂ ਹੋਵੇਗੀ। ਉਨ੍ਹਾਂ ਕੋਲ ਦੇਸ਼ ਦੇ ਕੁੱਲ ਵਿਧਾਇਕਾਂ ਦਾ ਅੱਧ ਵੀ ਨਹੀਂ। ਦੇਸ਼ ਵਿੱਚ ਵਿਰੋਧੀ ਧਿਰਾਂ ਕੋਲ ਵੱਧ ਵਿਧਾਇਕ ਹਨ।' ਉਨ੍ਹਾਂਕਿਹਾ, 'ਖੇਡ ਅਜੇ ਖ਼ਤਮ ਨਹੀਂ ਹੋਈ।ਏਥੋਂ ਤੱਕ ਕਿ ਉੱਤਰ ਪ੍ਰਦੇਸ਼ ਅਸੈਂਬਲੀ ਚੋਣਾਂ ਹਾਰ ਗਈ ਸਮਾਜਵਾਦੀ ਪਾਰਟੀ ਵਰਗੀਆਂ ਧਿਰਾਂ ਕੋਲ ਪਿਛਲੀ ਵਾਰ ਨਾਲੋਂ ਵੱਧ ਵਿਧਾਇਕ ਹਨ।'

ਵਰਨਣ ਯੋਗ ਹੈ ਕਿ ਰਾਸ਼ਟਰਪਤੀ ਚੋਣ ਪਾਰਲੀਮੈਂਟ ਦੇ ਚੁਣੇ ਮੈਂਬਰਾਂ ਅਤੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ ਅਸੈਂਬਲੀਆਂ ਦੇ ਵਿਧਾਇਕਾਂ ਰਾਹੀਂ ਕਰਵਾਈ ਜਾਂਦੀ ਹੈ।ਰਾਜ ਵਿਧਾਨ ਸਭਾਵਾਂ ਵਿੱਚ ਹਰ ਵਿਧਾਇਕ ਦੀਆਂ ਵੋਟਾਂ ਦੀ ਗਿਣਤੀ ਤੇ ਉਸ ਦੀ ਕੀਮਤ ਇੱਕ ਫਾਰਮੂਲੇ ਨਾਲ ਤੈਅ ਕੀਤੀ ਜਾਂਦੀ ਹੈ, ਜੋ ਉਸ ਰਾਜ ਦੀ 1971 ਵਿੱਚਆਬਾਦੀ ਦੇ ਮੁਤਾਬਕ ਧਿਆਨ ਰੱਖ ਕੇ ਮਿਥੀ ਜਾਂਦੀ ਹੈ।ਸਾਲ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਕੈਂਪ ਨਾਲ ਟੱਕਰ ਲਈ ਭਾਜਪਾ ਵਿਰੋਧੀ ਫਰੰਟ ਬਣਾਉਣ ਦੀ ਕੋਸ਼ਿਸ਼ ਕਰਦੀ ਪਈ ਮਮਤਾ ਬੈਨਰਜੀ ਨੇ ਕਿਹਾ ਕਿ ਦੇਸ਼ ਕੇਂਦਰ ਵਿੱਚ ਸੱਤਾਧਾਰੀ ਪਾਰਟੀ ਨਾਲ ਲੜਨ ਦੀ ਤਿਆਰੀ ਕਰ ਰਿਹਾ ਹੈ।


IMMIGRATION SERVICES
INCLUDE
Express Entry
Visitor Visa | Super Visa
Work Permit
Study Permit
Spousal Sponsorship
PNP Nominations
LMIA
WE SPECIALIZE IN HUMANITARIAN AND COMPASSIONATE APPLICATIONS
DRAKE IMMIGRATION SOLUTIONS
AUTHORIZED AGENT FOR MITT
MANITOBA INSTITUTE OF TRADES & TECHNOLOGY
(204) 558-9750
www.drakeimmigration.ca
Toronto Office: 98 Gallucci Cres
Brampton, ON L6P 1R7
Winnipeg Office: Centro Caboto Centre
128-1055 Wilkes Ave, Winnipeg, MB R3P 2L7

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca





ਖਿੜਕੀਆਂ ਅਤੇ ਦਰਵਾਜੇ ਲਗਵਾਓ
Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼,
ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼,
ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ,
ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com
CANADIAN
GLASS AND WINDOW

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ
ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

## ਅੱਜ ਨਾਮਾ

ਚੜ੍ਹ ਗਈ ਨਵੀਂ ਸਵੇਰ ਹੈ ਅੱਜ ਲੱਗਦੀ,
ਮਿਲੀ ਪੰਜਾਬ ਨੂੰ ਨਵੀਂ ਸਰਕਾਰ ਮੀਆਂ।
ਭਗਤ ਸਿੰਘ ਦੇ ਨਗਰ ਵਿੱਚ ਸਹੁੰ ਚੁੱਕੀ,
ਡਿੱਠਾ ਇਹ ਵੀ ਹੈ ਪਹਿਲੀ ਵਾਰ ਮੀਆਂ।
ਪਹੁੰਚੀ ਲੋਕਾਂ ਦਾ ਭੀੜ ਸੀ ਆਪ ਵੇਖਣ,
ਜਿਹੜੀ ਰੁਮਕੀ ਹੈ ਨਵੀਂ ਬਹਾਰ ਮੀਆਂ।
ਛੱਡੀ ਕਸਰ ਨਹੀਂ ਕੋਈ ਸੀ ਆਮ ਲੋਕਾਂ,
ਕੀਤਾ ਆਗੂ ਦਾ ਜਿਵੇਂ ਸਤਿਕਾਰ ਮੀਆਂ।
ਅਗਲਾ ਫਰਜ਼ ਆ ਆਗੂ ਦੇ ਸਿਰ ਉੱਤੇ,
ਸਭ ਹੀ ਪੈਣੇ ਪੁਗਾਉਣੇ ਵੀ ਬੋਲ ਮੀਆਂ।
ਹਰ ਇੱਕ ਪੈਰ'ਤੇ ਚੌਕਸੀ ਰੱਖਣੀ ਪਊ,
ਗਲਤੀ ਹੋਵੇ ਨਾ ਕੋਈ ਅਣਭੋਲ ਮੀਆਂ।

**ਤੀਸ ਮਾਰ ਖਾਂ**

# ਭਗਵੰਤ ਮਾਨ ਪੰਜਾਬ ਦੇ 17ਵੇਂ ਮੁੱਖ ਮੰਤਰੀ ਬਣੇ

### * ਸ਼ਹੀਦ ਭਗਤ ਸਿੰਘ ਦੇ ਪਿੰਡ ਵਿੱਚ ਸਹੁੰ ਚੁੱਕ ਸਮਾਗਮ * ਮੁੱਖ ਮੰਤਰੀ ਦਫ਼ਤਰ ਵਿੱਚ ਭਗਤ ਸਿੰਘ ਤੇ ਡਾ. ਅੰਬੇਡਕਰ ਦੀ ਫੋਟੋ ਲੱਗੀ

ਚੰਡੀਗੜ੍ਹ, 16 ਮਾਰਚ, (ਪੋਸਟ ਬਿਊਰੋ)- ਆਮ ਆਦਮੀ ਪਾਰਟੀ ਦੇ ਨੇਤਾ ਭਗਵੰਤ ਮਾਨ ਨੇ ਅੱਜ ਬੁੱਧਵਾਰ ਪੰਜਾਬ ਦੇ 17ਵੇਂ ਮੁੱਖ ਮੰਤਰੀ ਵਜੋਂ ਸਹੁੰ ਚੁੱਕ ਲਈ। ਸਹੁੰ ਚੁੱਕ ਸਮਾਗਮ ਸ਼ਹੀਦੇ-ਆਜ਼ਮ ਭਗਤ ਸਿੰਘ ਦੇ ਪਿੰਡ ਖਟਕੜ ਕਲਾਂ ਵਿੱਚ ਕੀਤਾ ਗਿਆ। ਇਸ ਦੇ ਬਾਅਦ ਚੰਡੀਗੜ੍ਹਵਿੱਚ ਪੰਜਾਬ ਸਰਕਾਰ ਦੇ ਸੈਕਟਰੀਏਟ ਪੁੱਜੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਗਾਰਡ ਆਫ਼ ਆਨਰ ਦੇ ਕੇ ਸਨਮਾਨਿਤ ਕੀਤਾ ਗਿਆ, ਜਿੱਥੇ ਉਨ੍ਹਾਂ ਨੇ ਦਸਖਤ ਕਰਨ ਦੇ ਬਾਅਦ ਪੰਜਾਬ ਸਰਕਾਰ ਦੇ ਮੁਖੀ ਵਜੋਂ ਬਾਕਾਇਦਾ ਰਸਮੀ ਕਾਰਵਾਈਆਂ ਨਿਭਾਈਆਂ ਅਤੇ ਚਾਰਜ ਸੰਭਾਲਿਆ।
ਅੱਜ ਉਸ ਵੇਲੇ ਨਵਾਂ ਇਤਹਾਸ ਸਿਰ-ਜਆ ਗਿਆ, ਜਦੋਂ ਪੰਜਾਬ ਦੇ ਲੋਕਾਂ ਦੇ ਇਤਹਾਸਕ ਸਮੱਰਥਨ ਦੇ ਬਾਅਦ 92 ਵਿਧਾਇਕਾਂ ਦੀ ਜਿੱਤ ਵਾਲੀ ਆਮ ਆਦਮੀ ਪਾਰਟੀ ਦੇ ਨੇਤਾ ਭਗਵੰਤ ਮਾਨ ਨੇ ਸ਼ਹੀਦ-ਇ-ਆਜ਼ਮ ਭਗਤ ਸਿੰਘ ਦੇ ਪਿੰਡ ਖਟਕੜ ਕਲਾਂ ਵਿਖੇ ਪੰਜਾਬ ਦੇ ਮੁੱਖ ਮੰਤਰੀ ਵਜੋਂ ਅਹੁਦੇ ਦੀ ਸਹੁੰ ਚੁੱਕੀ। ਇਸ ਨਾਲ ਭਗਵੰਤ ਮਾਨ ਇਸ ਰਾਜ ਦੇ 17ਵੇਂ ਮੁੱਖ ਮੰਤਰੀ ਬਣ ਗਏ।ਮੁੱਖ ਮੰਤਰੀ ਬਣਨ ਤੋਂ ਪਹਿਲਾਂ ਭਗਵੰਤ ਮਾਨ ਪੰਜਾਬ ਦੇ ਸੰਗਰੂਰ ਲੋਕ ਸਭਾ ਹਲਕੇ ਤੋਂ ਦੋ ਵਾਰੀ ਪਾਰਲੀਮੈਂਟਦੇ ਮੈਂਬਰ ਬਣ ਚੁੱਕੇ ਹਨ। ਉਨ੍ਹਾਂ ਨੂੰ ਅੱਜ ਮੁੱਖ ਮੰਤਰੀ ਦੇ ਅਹੁਦੇ ਦੀ ਸਹੁੰ ਪੰਜਾਬ ਦੇ ਗਵਰਨਰ ਬਨਵਾਰੀ ਲਾਲ ਪੁਰੋਹਿਤ ਨੇ ਚੁਕਾਈ। ਇਸ ਮੌਕੇ ਓਥੇ ਆਏ ਹੋਏ ਹਜ਼ਾਰਾਂ ਲੋਕਾਂ ਨੇ ਤਾੜੀਆਂ ਮਾਰ ਕੇ ਜ਼ੋਰਦਾਰ ਨਾਅਰੇ ਮਾਰਦੇ ਹੋਏ ਆਪਣੇ ਇਸ ਨਵੀਂ ਕਿਸਮ ਦੇ ਆਗੂ ਦਾ ਭਰਪੂਰ ਸਵਾਗਤ ਕੀਤਾ।

ਸਹੁੰ ਚੁੱਕਣ ਦੀ ਰਸਮ ਨਿਭਾਏ ਜਾਣ ਤੋਂ ਬਾਅਦ ਜਦੋਂ ਗਵਰਨਰ ਬਨਵਾਰੀ ਲਾਲ ਪੁਰੋਹਿਤ ਸਟੇਜ ਤੋਂ ਚਲੇ ਗਏ ਤਾਂ ਇਸ ਦੇ ਬਾਅਦ ਨਵੇਂ ਮੁੱਖ ਮੰਤਰੀ ਭਗਵੰਤ ਮਾਨ ਨੇ ਓਥੇ ਸਟੇਜ ਤੋਂ ਲੋਕਾਂ ਨੂੰ ਮੁੱਖ ਮੰਤਰੀ ਵਜੋਂ ਪਹਿਲੀ ਵਾਰ ਸਿੱਧੇ ਸੰਬੋਧਨ ਕੀਤਾ। ਆਪਣੇ ਭਾਸ਼ਣ ਦੇ ਦੌਰਾਨ ਭਗਵੰਤ ਮਾਨ ਨੇ ਆਮ ਆਦਮੀ ਪਾਰਟੀ ਦੇ ਮੁਖੀ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਉਚੇਚਾ ਧੰਨਵਾਦ ਕੀਤਾ ਤੇ ਕਿਹਾ ਕਿ ਜਿਹੜੀ ਲੜਾਈ ਸ਼ਹੀਦੇ-ਆਜ਼ਮ ਭਗਤ ਸਿੰਘ ਨੇ ਲੜੀ ਸੀ, ਆਮ ਆਦਮੀ ਪਾਰਟੀ ਉਹੀ ਲੜਾਈ ਲੜ ਰਹੀ ਹੈ। ਉਨ੍ਹਾ ਕਿਹਾ ਕਿ ਖਟਕੜ ਕਲਾਂਵਿੱਚ ਸਹੁੰ ਚੁੱਕਣ ਆਉਣ ਦਾ ਖਾਸ ਕਾਰਨ ਇਹ ਹੈ ਕਿ ਇਸ ਤੋਂ ਪਹਿਲਾਂ ਸ਼ਾਹੀ ਮਹਿਲਾਂ ਜਾਂ ਸਟੇਡੀਅਮਾਂਵਿੱਚਏਦਾਂ ਦੇ ਸਹੁੰ ਚੁੱਕ ਸਮਾਗਮ ਕਰਵਾਏ ਸਨ, ਅੱਜ ਇਹ ਸਹੁੰ ਚੁੱਕ ਸਮਾਗਮ ਉਸ ਸ਼ਹੀਦ ਦੇ ਪਿੰਡ ਆ ਗਿਆ ਹੈ, ਜਿਨ੍ਹਾਂ ਨੇ ਸਾਨੂੰ ਇਹ ਦੇਸ਼ ਦਿੱਤਾ ਹੈ। ਉਨ੍ਹਾਂ ਨੂੰ 23 ਮਾਰਚ ਤੇ 28 ਸਤੰਬਰ ਨੂੰ ਹੀ ਥੋੜ੍ਹਾ ਯਾਦ ਕਰਨਾ ਹੈ, ਉਹ ਸਾਡੇ ਦਿਲਾਂ ਵਿੱਚ ਹਨ।

ਭਗਵੰਤ ਮਾਨ ਨੇ ਆਮ ਆਦਮੀ ਪਾਰਟੀ ਦੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿੱਚ ਇਸ ਸ਼ਾਨਦਾਰ ਜਿੱਤ ਨੂੰ ਬਹੁਤਾ ਨਾ ਉਛਾਲਣ। ਉਨ੍ਹਾਂ ਕਿਹਾ, 'ਮੈਂ ਤੁਹਾਨੂੰ ਸਭ ਨੂੰ ਹੰਕਾਰ ਨਾ ਕਰਨ ਦੀ ਅਪੀਲ ਕਰਦਾ ਹਾਂ।ਸਾਨੂੰ ਉਨ੍ਹਾਂ ਦਾ ਵੀ ਸਤਿਕਾਰ ਕਰਨਾ ਚਾਹੀਦਾ ਹੈ, ਜਿਨ੍ਹਾਂ ਨੇ ਸਾਨੂੰ ਵੋਟ ਨਹੀਂ ਪਾਈ। ਮੈਂ ਤੁਹਾਡਾ ਸਭ ਦਾ ਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦਾਧੰਨਵਾਦ ਕਰਦਾ ਹਾਂ।' ਭਗਵੰਤ ਮਾਨ ਨੇ ਕਿਹਾ ਕਿ 'ਲੋਕਤੰਤਰਵਿੱਚ ਜਨਤਾ ਜਾਣਦੀ ਹੈ ਕਿ



ਕਿਵੇਂ ਕਿਸੇ ਨੂੰ ਅਰਸ਼ ਉੱਤੇ ਭੇਜਣਾ ਅਤੇ ਕਿਵੇਂ ਨੀਵਾਂ ਕਰਨਾ ਹੈ। ਭਗਤ ਸਿੰਘ ਨੂੰ ਇਸ ਗੱਲ ਦੀ ਚਿੰਤਾ ਸੀ ਕਿ ਆਜ਼ਾਦੀ ਮਗਰੋਂ ਦੇਸ਼ ਦਾ ਕੀ ਹਾਲ ਹੋਵੇਗਾ। ਸਾਨੂੰ ਵਿਦੇਸ਼ ਜਾ ਕੇ ਭਗਤ ਸਿੰਘ ਦੇ ਸੁਪਨੇ ਪੂਰੇ ਕਰਨ ਦੀ ਲੋੜ ਨਹੀਂ, ਅਸੀਂ ਇੱਥੇ ਰਹਿ ਕੇ ਬੇਰੁਜ਼ਗਾਰੀ, ਖੇਤੀਬਾੜੀ, ਸਕੂਲਾਂ, ਹਸਪਤਾਲਾਂਲਈ ਕੰਮ ਕਰਾਂਗੇ। ਇਨ੍ਹਾਂ ਸਭ ਸਮੱਸਿਆਵਾਂ ਦਾ ਹੱਲ ਕੱਢਾਂਗੇ।' ਉਨ੍ਹਾ ਕਿਹਾ, "ਜਿੱਦਾਂ ਵਿਦੇਸ਼ਾਂ ਤੋਂ ਲੋਕ ਦਿੱਲੀਵਿੱਚ ਸਕੂਲ ਅਤੇ ਮੁਹੱਲਾ ਕਲੀਨਿਕ ਵੇਖਣ ਆਉਂਦੇ ਹਨ, ਅਸੀਂ ਪੰਜਾਬ ਦੇ ਸਕੂਲ ਅਤੇ ਹਸਪਤਾਲ ਏਦਾਂ ਬਣਾਵਾਂਗੇ ਕਿ ਵਿਦੇਸ਼ਾਂ ਤੋਂ ਲੋਕ ਇੱਥੇ ਵੀ ਸਕੂਲਾਂ ਤੇ ਹਸਪਤਾਲਾਂ ਦਾ ਦੌਰਾ ਕਰਨ ਆਉਣਗੇ।" ਉਨ੍ਹਾਨੇ ਕਿਹਾ, 'ਅਸੀਂ ਇੱਥੇ ਰਹਿ ਕੇ ਆਪਣਾ ਦੇਸ਼ ਠੀਕ ਕਰਨਾ ਹੈ। ਖੇਤੀ, ਰੁਜ਼ਗਾਰ, ਕਾਰੋਬਾਰ, ਸਕੂਲ, ਹਸਪਤਾਲ ਕਹਾਣੀ ਬਹੁਤ ਗੁੰਝਲਦਾਰ ਹੈ। ਇਸ ਨੂੰ ਤੁਹਾਡੇ ਨਾਲ ਮਿਲ ਕੇ ਹੱਲ ਕਰਨਾ ਹੋਵੇਗਾ।"

ਵਰਨਣ ਯੋਗ ਹੈ ਕਿ ਭਗਵੰਤ ਮਾਨ ਪੰਜਾਬ ਦੇ ਦੂਸਰੇ ਸਭ ਤੋਂ ਛੋਟੀ ਉਮਰ ਦੇਮੁੱਖ ਮੰਤਰੀ ਹੋ ਗਏ ਹਨ। ਉਨ੍ਹਾਂ ਤੋਂ ਪਹਿਲਾਂ ਪ੍ਰਕਾਸ਼ ਸਿੰਘ ਬਾਦਲ ਇਸ ਰਾਜ ਦੇ ਸਭ ਤੋਂ ਨੌਜਵਾਨ ਮੰਤਰੀ ਬਣੇ ਸਨ।
ਜਿਵੇਂ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਤੇ ਨਵੇਂਮੁੱਖ ਮੰਤਰੀ ਭਗਵੰਤ ਮਾਨ ਨੇ ਸਰਕਾਰੀ ਦਫ਼ਤਰਾਂਵਿੱਚ ਸ਼ਹੀਦੇ-ਆਜ਼ਮ ਸਰਦਾਰ ਭਗਤ ਸਿੰਘ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀਆਂ ਫੋਟੋ ਲਾਉਣ ਦੀ ਹਦਾਇਤ ਕੀਤੀ ਸੀ, ਇਨ੍ਹਾਂ ਹੁਕਮਾਂ ਦੀ ਪਾਲਣਾ ਖੁਦ ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤੀ ਹੈ।ਅੱਜ ਮੁੱਖ ਮੰਤਰੀ ਅਹੁਦੇ ਦੀ ਸਹੁੰ ਚੁੱਕਣ ਮਗਰੋਂ ਜਦੋਂ ਉਨ੍ਹਾਂ ਨੇ ਮੁੱਖ ਮੰਤਰੀ ਦਫ਼ਤਰ ਵਿੱਚਜਾ ਕੇ ਚਾਰਜ ਲਿਆ ਤਾਂ ਉਸ ਤੋਂ ਪਹਿਲਾਂ ਓਥੇ ਸ਼ਹੀਦ ਭਗਤ ਸਿੰਘ ਅਤੇ ਬਾਬਾ ਸਾਹਿਬ ਡਾ. ਅੰਬੇਡਕਰ ਦੀਆਂ ਫੋਟੋ ਲੱਗ ਚੁੱਕੀਆਂ ਸਨ।

ਇਸ ਦੌਰਾਨ ਡਾ. ਇੰਦਰਬੀਰ ਸਿੰਘ ਨਿੱਝਰ ਨੂੰ ਪੰਜਾਬ ਵਿਧਾਨ ਸਭਾ ਦਾ ਪ੍ਰੋਟੈਮ ਸਪੀਕਰ ਨਿਯੁਕਤ ਕੀਤਾ ਗਿਆ ਹੈ, ਉਹ ਸਾਰੇ ਚੁਣੇ ਗਏ ਵਿਧਾਇਕਾਂ ਨੂੰ ਸਹੁੰ ਚੁਕਾਉਣਗੇ ਤੇ ਇਸ ਦੇ ਨਾਲ ਨਵੇਂ ਸਪੀਕਰ ਦੀ ਚੋਣ ਹੋਣ ਤੱਕ ਵਿਧਾਨ ਸਭਾ ਦੀ ਕਾਰਵਾਈ ਚਲਾਉਣਗੇ। ਡਾਕਟਰ ਇੰਦਰਬੀਰ ਸਿੰਘ ਨਿੱਝਰ ਅੰਮ੍ਰਿਤਸਰ ਦੱਖਣੀ ਹਲਕੇ ਤੋਂ ਚੁਣੇ ਗਏ ਹਨ।

## ਅਕਾਲੀ ਦਲ ਲਈ ਮੁਸ਼ਕਲਾਂ: ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਨਵੀਂ ਪਾਰਟੀ ਬਣਾਉਣ ਦਾ ਐਲਾਨ ਕੀਤਾ

### * ਅਕਾਲੀ ਦਲ ਨੇ ਕਾਲਕਾ ਨੂੰ ਪਾਰਟੀ ਵਿੱਚੋਂ ਕੱਢਿਆ
### * ਬਠਿੰਡਾ ਤੋਂ ਅਕਾਲੀ ਉਮੀਦਵਾਰ ਸਰੂਪ ਸਿੰਗਲਾ ਨੇ ਪਾਰਟੀ ਛੱਡੀ

ਚੰਡੀਗੜ੍ਹ, 16 ਮਾਰਚ, (ਪੋਸਟ ਬਿਊਰੋ)- ਦਿੱਲੀ ਵਿੱਚ ਸਿੱਖ ਗੁਰਦੁ-ਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਆਪਣੇ ਸਾਥੀਆਂ ਸਮੇਤ ਬਾਦਲ ਅਕਾਲੀ ਦਲ ਨੂੰ ਛੱਡਣ ਤੇ ਨਵੀਂ ਪਾਰਟੀ ਬਣਾਉਣ ਦਾ ਐਲਾਨ ਕਰ ਦਿੱਤਾ ਹੈ, ਜਿਹੜੀ ਦਿੱਲੀ ਦੇ ਸਿੱਖਾਂ ਦੀ ਬੇਹਤਰੀ ਲਈ ਕੰਮ ਕਰਿਆ ਕਰੇਗੀ। ਉਨ੍ਹਾਂ ਕਿਹਾ ਕਿ ਬਾਦਲ ਅਕਾਲੀ ਦਲ ਦੇ ਨਾਲ ਜੁੜੇ ਰਹਿ ਕੇ ਉਹ ਦਿੱਲੀ ਵਿੱਚ ਸਿੱਖ ਭਾਈਚਾਰੇ ਲਈ ਬਣਦੀ ਸੇਵਾ ਕਰਨ ਵਿੱਚ ਮੁਸ਼ਕਲ ਮਹਿਸੂਸ ਕਰਦੇ ਸਨ। ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਨਵੀਂ ਬਣਾਈ ਜਾ ਰਹੀ ਪਾਰਟੀ ਸਿਰਫ ਧਾਰਮਿਕ ਫਰਜ਼ਾਂ ਤੱਕ ਸੀਮਤ ਰਹੇਗੀ ਤੇ ਉਸ ਦੇ ਆਗੂ ਰਾਜਨੀਤਕ ਮਾਮਲਿਆਂ ਵਿੱਚ ਬੇਲੋੜਾ ਦਖਲ ਨਹੀਂ ਦੇਣਗੇ।

ਦੂਸਰੇ ਪਾਸੇ ਸ਼੍ਰੋਮਣੀ ਅਕਾਲੀ ਦਲ ਨੇ ਅੱਜਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੂੰ ਅਕਾਲੀ ਦਲ ਦੀ ਮੁੱਢਲੀ ਮੈਂਬਰਸ਼ਿਪ ਤੋਂ ਖਾਰਜ ਕਰ ਦਿੱਤਾ ਹੈ। ਇਸ ਬਾਰੇਸੀਨੀਅਰਅਕਾਲੀਆਗੂ ਪ੍ਰੇਮ ਸਿੰਘ ਚੰਦੂਮਾਜਰਾ ਨੇ ਐਲਾਨ ਕੀਤਾ ਕਿ ਹਰਮੀਤ ਸਿੰਘ ਕਾਲਕਾ ਨੂੰ ਪਾਰਟੀ ਦੀ ਮੁਢਲੀ ਮੈਂਬਰਸ਼ਿਪ ਤੋਂ ਹੀ ਕੱਢਦਿੱਤਾ ਗਿਆ ਹੈ, ਕਿਉਂਕਹਰਮੀਤ ਸਿੰਘ ਕਾਲਕਾ ਪਿਛਲੇ ਦਿਨਾਂ ਤੋਂ ਲਗਾਤਾਰ ਪਾਰਟੀ ਵਿਰੋਧੀ ਬਿਆਨ ਦੇ ਰਹੇ ਸਨ, ਜਿਸ ਨੂੰ ਮੁੱਖ ਰੱਖ ਕੇ ਇਹ ਫੈਸਲਾ ਲਿਆ ਹੈ।ਚੰਦੂਮਾਜਾਰਾ ਨੇ ਕਿਹਾ ਕਿ ਪੰਥ ਵਿਰੋਧੀ ਬਿਆਨਬਾਜ਼ੀ ਬਰਦਾਸ਼ਤ ਨਹੀਂ ਹੋਵੇਗੀ। ਉਨ੍ਹਾਂ ਦੱਸਿਆ ਕਿ ਅਸੀਂ ਪੰਜ ਮੈਂਬਰੀ ਕਮੇਟੀ ਬਣਾਈ ਹੈ,ਜਿਹੜੀਦਿੱਲੀ ਵਿੱਚ ਅਕਾਲੀ ਦਲ ਦਾ ਮੁੜ ਗਠਨ ਕਰੇਗੀ।ਵਰਨਣ ਯੋਗ ਹੈ ਕਿ ਹਰਮੀਤ ਸਿੰਘ ਕਾਲਕਾ ਥੋੜ੍ਹਾ ਸਮਾਂ ਪਹਿਲਾਂ ਹੀਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਣੇ ਸਨ।

ਓਧਰ ਅਕਾਲੀ ਦਲ ਦੇ ਸਾਬਕਾ ਮੀਤ ਪ੍ਰਧਾਨ ਤੇ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਬਠਿੰਡਾ ਤੋਂ ਅਕਾਲੀ ਦਲ ਦੇ ਉਮੀਦਵਾਰ ਸਰੂਪ ਚੰਦ ਸਿੰਗਲਾ ਨੇ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਹੈ ਤੇ ਚਰਚਾ ਹੈ ਕਿ ਉਹ ਭਾਜਪਾਵਿੱਚਜਾ ਸਕਦੇ ਹਨ। ਉਨ੍ਹਾਂ ਨੇ ਆਪਣਾ ਅਸਤੀਫਾ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਭੇਜ ਦਿੱਤਾ ਹੈ।ਪੰਜਾਬ ਦੇ ਸਾਬਕਾ ਚੀਫ ਪਾਰਲੀਮੈਂਟਰੀ ਸੈਕਟਰੀ ਸਰੂਪ ਚੰਦ ਸਿੰਗਲਾ ਨੇ ਅਸਤੀਫੇ ਦੇ ਪੱਤਰਵਿੱਚ ਲਿਖਿਆ ਕਿ ਮੈਂ ਅਕਾਲੀ ਦਲ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਰਿਹਾ ਹਾਂ। ਉਨ੍ਹਾਂ ਕਿਹਾ ਕਿ ਮੈਂ 15 ਸਾਲ ਪੂਰੀ ਮਿਹਨਤ ਤੇ ਇਮਾਨਦਾਰੀ ਨਾਲ ਪਾਰਟੀ ਦੀ ਸੇਵਾ ਕੀਤੀ ਹੈ। ਅਸਲ ਵਿੱਚ ਸਰੂਪ ਸਿੰਗਲਾ ਇਨ੍ਹਾਂ ਚੋਣਾਂ ਵਿੱਚ ਬਾਦਲ ਪਰਵਾਰ ਦੇ ਵਿਹਾਰ ਤੋਂ ਨਾਰਾਜ਼ ਸਨ ਅਤੇ ਉਹ ਚੋਣਾਂ ਵਿੱਚ ਬਹੁਤ ਬੁਰੀ ਤਰ੍ਹਾਂ ਹਾਰ ਗਏ ਤਾਂ ਦੋਸ਼ ਲੱਗਦਾ ਸੀ ਕਿ ਬਾਦਲ ਪਰਵਾਰ ਨੇ ਉਨ੍ਹਾਂ ਦੀ ਮਦਦ ਨਹੀਂ ਕੀਤੀ ਅਤੇ ਉਨ੍ਹਾਂ ਦੀ ਥਾਂ ਕਾਂਗਰਸ ਉਮੀਦਵਾਰ ਅਤੇ ਸੁਖਬੀਰ ਸਿੰਘ ਬਾਦਲ ਦੇ ਚਚੇਰੇ ਭਰਾ ਮਨਪ੍ਰੀਤ ਸਿੰਘ ਬਾਦਲ ਨੂੰ ਜਿਤਾਉਣ ਲਈ ਅੰਦਰ-ਖਾਤੇ ਸਾਰਾ ਜ਼ੋਰ ਲਾਇਆ ਸੀ। ਇਸ ਬਾਰੇ ਸਿੰਗਲਾ ਨੇ ਬਾਦਲ ਪਿਤਾ-ਪੁੱਤਰ ਕੋਲ ਰੋਸ ਵੀ ਪ੍ਰਗਟ ਕੀਤਾ ਸੀ, ਪਰ ਦੋਵਾਂ ਨੇ ਇਸ ਰੋਸ ਨੂੰ ਗੱਲਾਂ ਵਿੱਚ ਹੀ ਟਾਲ ਛੱਡਿਆ ਸੀ।

# ਪੰਜਾਬ ਵਿੱਚ ਸਰਕਾਰ ਬਣਾ ਕੇ ਮਾਨ ਨੇ ਦੇਸ਼ ਦੀ ਰਾਜਨੀਤੀ ਵਿੱਚ ਨਵਾਂ ਇਤਿਹਾਸ ਰਚਿਆ

### * ਮੋਦੀ ਵੱਲੋਂ ਭਗਵੰਤ ਮਾਨ ਨੂੰ ਵਧਾਈ, ਮਿਲ ਕੇ ਕੰਮ ਕਰਨ ਦੀ ਗੱਲ ਕਹੀ

ਚੰਡੀਗੜ੍ਹ, 16 ਮਾਰਚ, (ਪੋਸਟ ਬਿਊਰੋ)- ਅੱਜ ਤੱਕ ਸਿਰਫ ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਰਾਜ ਕਰਨ ਵਾਲੀ ਆਮ ਆਦਮੀ ਪਾਰਟੀ ਦੇ ਆਗੂ ਭਗਵੰਤ ਮਾਨ ਨੇ ਅੱਜ ਬੁੱਧਵਾਰ ਜਦੋਂ ਪੰਜਾਬ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਤਾਂ ਭਾਰਤ ਦੀ ਰਾਜਨੀਤੀਦਾਨਵਾਂ ਇਤਿਹਾਸ ਰਚ ਦਿੱਤਾ।ਇਸ ਮੌਕੇ ਆਮ ਆਦਮੀ ਪਾਰਟੀ ਦੇਸ਼ ਦੀ ਤੀਜੀ ਅਜਿਹੀ ਪਾਰਟੀ ਬਣ ਗਈ ਹੈ, ਜਿਸ ਦੀ ਇੱਕ ਤੋਂ ਵੱਧ ਰਾਜਾਂ ਵਿੱਚ ਸਰਕਾਰ ਹੈ।ਅਜੇ ਤਕ ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ ਦੋ ਅਜਿਹੀਆਂ ਸਿਆਸੀ ਪਾਰਟੀਆਂ ਸਨ, ਜਿਨ੍ਹਾਂ ਦੀਆਂ ਇਕ ਤੋਂ ਵੱਧ ਰਾਜਾਂ ਵਿੱਚ ਸਰਕਾਰਾਂ ਸਨ।
ਪੰਜਾਬ ਵਿੱਚਆਮ ਆਦਮੀ ਪਾਰਟੀਦੀ ਸਰਕਾਰ ਦੇ ਸਹੁੰ-ਚੁੱਕਸਮਾਗਮ ਵਿੱਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਤੇ ਦਿੱਲੀ ਦੇ ਸਾਰੇ ਮੰਤਰੀਆਂ, ਰਾਜ ਸਭਾ ਮੈਂਬਰਾਂ ਤੇ ਵਿਧਾਇਕਾਂ ਨੂੰ ਸੱਦਾ ਦਿੱਤਾ ਗਿਆ ਸੀ। ਇੱਕ ਦਹਾਕਾ ਪੁਰਾਣੀ ਆਮ ਆਦਮੀ ਪਾਰਟੀ ਦਿੱਲੀਵਿੱਚ ਲਗਾਤਾਰ ਤਿੰਨ ਵਾਰਵਿਧਾਨ ਸਭਾ ਚੋਣਾਂ ਜਿੱਤ ਕੇ ਪਹਿਲਾਂ ਇੱਕ ਇਤਿਹਾਸ ਰਚ ਚੁੱਕੀ ਹੈ। ਹੈਰਾਨੀ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਦੇ ਬਹੁਤੇ ਆਗੂ ਤੇ ਵਰਕਰ ਕਿਸੇ ਵੀ ਸਿਆਸੀ ਪਿਛੋਕੜ ਨਾਲ ਸਬੰਧਤ ਨਹੀਂ ਹਨ।

ਆਮ ਆਦਮੀ ਪਾਰਟੀ ਦੇ ਆਗੂ ਅਤੇ ਪੰਜਾਬ ਦੇ ਹਲਕਾ ਧੂਰੀ ਤੋਂ ਵਿਧਾਇਕ ਭਗਵੰਤ ਮਾਨ ਨੇ ਅੱਜ ਜਦੋਂ ਮੁੱਖ ਮੰਤਰੀ ਦੇ ਅਹੁਦੇ ਵਜੋਂ ਸਹੁੰ ਚੁੱਕ ਲਈ ਤਾਂ ਇਸ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਨ੍ਹਾਂ ਨੂੰ ਟਵੀਟ ਕਰ ਕੇ ਵਧਾਈ ਦਿੱਤੀ।ਪ੍ਰਧਾਨ ਮੰਤਰੀ ਮੋਦੀ ਨੇ ਟਵੀਟ ਕਰ ਕੇ ਕਿਹਾ, "ਪੰਜਾਬ ਦੇ ਨਵੇਂ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ ਉੱਤੇ ਭਗਵੰਤ ਮਾਨ ਨੂੰ ਵਧਾਈ। ਪੰਜਾਬ ਦੇ ਵਿਕਾਸ ਅਤੇ ਸੂਬੇ ਦੇ ਲੋਕਾਂ ਦੇ ਭਲੇ ਲਈ ਮਿਲ ਕੇ ਕੰਮ ਕਰਾਂਗੇ।'



### * ਭਗਵੰਤ ਮਾਨ ਦੇ ਧੀ ਤੇ ਪੁੱਤਰ ਨੇ ਕਿਹਾ: ਸਾਨੂੰ ਆਪਣੇ ਪਿਤਾ ਉੱਤੇ ਮਾਣ ਹੈ

ਮੁੱਖ ਮੰਤਰੀ ਵਜੋਂ ਸਹੁੰ ਚੁੱਕ ਸਮਾਗਮ ਵਿੱਚ ਅੱਜ ਭਗਵੰਤ ਮਾਨ ਦੇ ਧੀ ਸੀਰਤ ਅਤੇ ਪੁੱਤਰ ਦਿਲਸ਼ਾਨ ਮਾਨ ਏਥੇ ਉਚੇਚੇ ਪਹੁੰਚੇ ਹੋਏ ਸਨ। ਉਨ੍ਹਾਂ ਦੋਵਾਂ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਪਿਤਾ ਉੱਤੇ ਮਾਣ ਹੈ। ਭਗਵੰਤ ਮਾਨ ਦੇ ਧੀ-ਪੁੱਤਰ ਆਪਣੀ ਮਾਂ ਨਾਲ ਅਮਰੀਕਾ ਰਹਿੰਦੇ ਹਨ ਤੇ ਉਹ ਆਪਣੇ ਪਿਤਾ ਦੇ ਸਹੁੰ ਚੁੱਕ ਸਮਾਗਮ ਲਈ ਓਥੋਂ ਉਚੇਚੇ ਆਏ ਸਨ। ਭਗਵੰਤ ਮਾਨ ਤੇ ਉਨ੍ਹਾਂ ਦੀ ਪਤਨੀ ਇੰਦਰਪ੍ਰੀਤ ਕੌਰ 2015 ਵਿੱਚ ਵੱਖ ਹੋ ਗਏ ਸਨ ਅਤੇ ਤਲਾਕ ਲੈਣ ਲਈ ਅਰਜ਼ੀ ਵੀ ਇਕੱਠਿਆਂ ਅਦਾਲਤ ਵਿੱਚ ਜਾ ਕੇ ਦਿੱਤੀ ਸੀ। ਇਸ ਤੋਂ ਬਾਅਦ ਦੋਵੇਂ ਬੱਚੇ ਇੰਦਰਪ੍ਰੀਤ ਨਾਲ ਅਮਰੀਕਾ ਰਹਿ ਰਹੇ ਸਨ। ਸਾਲ 2014 ਵਿੱਚ ਭਗਵੰਤ ਮਾਨ ਲਈ ਲੋਕ ਸਭਾ ਚੋਣਾਂ ਵਿੱਚ ਇੰਦਰਪ੍ਰੀਤ ਕੌਰ ਨੇ ਸਾਥ ਦਿੱਤਾ ਤੇ ਸੰਗਰੂਰ ਵਿੱਚ ਪੂਰੇ ਜ਼ੋਰ ਸ਼ੋਰ ਨਾਲ ਚੋਣ ਪ੍ਰਚਾਰ ਕੀਤਾ ਸੀ। ਖ਼ਬਰ ਮੁਤਾਬਕ ਇੰਦਰਪ੍ਰੀਤ ਨੇ ਕਿਹਾ ਕਿ ਬੱਚੇ ਬਹੁਤ ਖੁਸ਼ ਹਨ ਤੇ ਉਨ੍ਹਾਂ ਇਹ ਵੀ ਕਿਹਾ ਕਿ ਭਗਵੰਤ ਮਾਨ ਹਮੇਸ਼ਾ ਉਨ੍ਹਾਂ ਦੀ ਅਰਦਾਸ ਵਿੱਚ ਸ਼ਾਮਲ ਸਨ। ਅੱਜ ਦੇ ਸਹੁੰ ਚੁੱਕ ਸਮਾਗਮ ਵਿੱਚ ਭਗਵੰਤ ਮਾਨ ਦੀ ਮਾਤਾ ਹਰਪਾਲ ਕੌਰ ਅਤੇ ਭੈਣ ਮਨਪ੍ਰੀਤ ਕੌਰ ਵੀ ਉਚੇਚਾ ਸ਼ਾਮਲ ਹੋਈਆਂ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਪਤਨੀ ਅਤੇ ਧੀ ਵੀ ਇਸ ਸਮਾਗਮ ਵਿੱਚ ਉਚੇਚਾ ਪਹੁੰਚੀਆਂ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜ਼ਾ ਦੇ ਕੇ ਬੈਂਕ ਚੁੱਕੇ ਹੋ? ਆਪਣਾ ਕਰਜ਼ਾ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia
416.677.0047

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
CHEEMA
LOWEST PRICE IN TOWN
Towing Service Car Paint Starts $799* upto 100% Deductible Paid*
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

NEED A LAWYER ??
KAUR LAW OFFICE
Red Seal NOTARY
REAL ESTATE LAWYER
• Residential & Commercial
• Sale/Purchase of House
• Mortgage & Refinancing
• Drafting/Reviewing Agreements
• Title Transfer
• 2nd Mortgage
IMMIGRATION
Skilled Worker Category
Spousal & Family Sponsorship
• Student Permits Visa & Renewals
• PR Renewal/ Citizenship Application
FAMILY LAWYER
• Child & Spousal support
• Custody & Access
• Divorce
• Equalization
BUSINESS LAW
• Incorporation & Shareholder agreements
• Sales & Purchase of Assets & Shares
• Notarization & Affidavits
WILLS & ESTATE
• Wills
• Certificate of Estate Trustee with/without Will
• Power of attorney for Property & Personal Care
MANJEET KAUR
LL.B., (London UK)
Barrister, Solicitor & Notary Public
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special On Sale
● ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
● ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
● ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
● ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkwy unit #45, Brampton, ON L6S 5T4 Email: grandupholsery@gmail.com

# ਔਰਤ ਦਾ ਘਰ ਕਿਹੜਾ ?



ਔਰਤ ਵੈਸੇ ਤਾਂ ਸਾਰੀ ਸ੍ਰਿਸ਼ਟੀ ਦੀ ਰਚਨਾ ਕਰਦੀ ਹੈ।ਧਰਤੀ ਵੀ ਔਰਤ ਤੇ ਕੁਦਰਤ ਵੀ ਔਰਤ ।ਔਰਤ ਬਿਨਾਂ ਇਸ ਦੁਨੀਆਂ ਦੀ ਕਲਪਨਾ ਵੀ ਮੁਸ਼ਕਿਲ ਹੈ।ਰੱਬ ਨੇ ਵੀ ਸਭ ਤੋਂ ਵੱਡੀਆਂ ਜ਼ਿੰਮੇਵਾਰੀਆਂ ਔਰਤ ਸਰੀਰ ਨੂੰ ਹੀ ਦਿੱਤੀਆਂ ਹਨ। ਕਿਉਂਕਿ ਉਸਨੂੰ ਵੀ ਔਰਤ ਤੇ ਯਕੀਨ ਹੈ।ਪਰ ਕੀ ਇਹ ਦੁਨੀਆਂ ਔਰਤ ਤੇ ਯਕੀਨ ਕਰਦੀ ਹੈ। ਮਾਂ ਬਾਪ ਭਲਾ ਕਿੰਨੇ ਹੀ ਲਾਡ ਨਾਲ ਪਾਲਣ ਪੋਸ਼ਣ ਕਰਦੇ ਹਨ,ਪਰ ਦਿਲ ਦਿਮਾਗ ਹਮੇਸ਼ਾ ਇਹ ਗੱਲ ਰਹਿੰਦੀ ਹੈ ਕਿ ਬੇਟੀ ਤਾਂ ਬਿਗਾਨਾ ਧਨ ਹੈ।ਉਸਦੀ ਹਰ ਕਦਮ ਤੇ ਪਹਿਰੇਦਾਰੀ ਕਰਦੇ ਹਨ , ਜੋ ਕਿ ਅੱਜ ਦੇ ਜ਼ਮਾਨੇ ਨੂੰ ਦੇਖਦੇ ਹੋਏ ਕਾਫੀ ਹੱਦ ਤੱਕ ਸਹੀ ਵੀ ਹੈ। ਕਿਉਂਕਿ ਜਿੰਨਾ ਜ਼ਾਲਿਮ ਤੇ ਦਰਿੰਦਾ ਅੱਜ ਦਾ ਇਨਸਾਨ ਬਣ ਚੁੱਕਾ ਹੈ,ਬੇਟੀ ਤਾਂ ਆਪਣਿਆਂ ਵਿੱਚ ਵੀ ਸੁਰੱਖਿਅਤ ਨਹੀਂ।ਪਰ ਬੇਟੀ ਲਈ ਬਿਗਾਨੀ ਹੋਣ ਦਾ ਅਹਿਸਾਸ ਪਾਲ ਕੇ ਰੱਖਣਾ ਵੀ ਕੋਈ ਚੰਗੀ ਗੱਲ ਨਹੀਂ।ਬੇਟੀ ਜਦੋਂ ਵਿਆਹੀ ਜਾਂਦੀ ਹੈ ਤਾਂ ਸਹੁਰੇ ਪਰਿਵਾਰ ਵਲੋਂ ਵੀ ਉਸਨੂੰ ਬਿਗਾਨੀ ਧੀ ਕਹਿ ਕੇ ਬੁਲਾਇਆ ਜਾਂਦਾ ਹੈ।ਫਿਰ ਉਸਦਾ ਘਰ ਕਿਹੜਾ ਹੋਇਆ? ਮਾਂ ਬਾਪ ਨੂੰ ਇਸ ਮਾਮਲੇ ਵਿੱਚ ਪਹਿਲ ਕਰਨੀ ਪਵੇਗੀ।ਬੇਟੀ ਬੇਸ਼ਕ ਵਿਆਹੀ ਗਈ,ਪਰ ਉਹ ਬਿਗਾਨੀ ਕਿਵੇਂ ਹੋ ਗਈ? ਮਾਂ ਬਾਪ ਨੂੰ ਅੱਜ ਇਹ ਵੀ ਸਮਝਣਾ ਪਵੇਗਾ ,ਜੇਕਰ ਉਸਨੂੰ ਸਹੁਰਾ ਪਰਿਵਾਰ ਵਧੀਆ ਨਹੀ ਮਿਲਿਆ ,ਉਸਦੀ ਮਾਰ ਕੁੱਟ ਤੇ ਦਹੇਜ ਲਈ ਪ੍ਰਤਾੜਿਤ ਕੀਤਾ ਜਾਂਦਾ ਹੈ ਤਾਂ ਉਸ ਲੜਕੀ ਦੇ ਮਾਂ ਬਾਪ ਨੂੰ ਉਸਨੂੰ ਖੁੱਲ੍ਹਦਿਲੀ ਨਾਲ ਆਪਣੇ ਘਰ ਰੱਖਣਾ ਚਾਹੀਦਾ ਹੈ।ਸਾਡੇ ਸਮਾਜ ਵਿੱਚ ਵਿਆਹ ਦੇ ਬਾਅਦ ਚਾਰ ਦਿਨ ਵੀ ਕੋਈ ਕੁੜੀ ਪੇਕੇ ਘਰ ਰਹੇ ਤਾਂ ਆਸ ਪਾਸ ਸਭ ਲੋਕ ਗੱਲਾਂ ਕਰਨੀਆਂ ਸ਼ੁਰੂ ਕਰ ਦਿੰਦੇ ਹਨ।ਜੇਕਰ ਉਸ ਨਾਲ ਰਿਸ਼ਤੇ ਦੇ ਨਾਮ ਤੇ ਧੋਖਾ ਹੋਈ ਗਿਆ ਤਾਂ ਕੀ ਉਹ ਬਾਕੀ ਸਾਰੀ ਉਮਰ ਨਰਕ ਵਿੱਚ ਹੀ ਕੱਟੇਗੀ।ਇਹ ਕਿਹੋ ਜਿਹਾ ਬੰਧਨ ਹੈ, ਜੋ ਕਿਸੇ ਦਾ ਗਲਾ ਹੀ ਘੋਟ ਦੇਵੇ।ਜਿਸ ਜਗ੍ਹਾ ਲੜਕੀਆਂ ਗਲਤ ਹੁੰਦੀਆਂ , ਉਨ੍ਹਾਂ ਲਈ ਮੈ ਇਹ ਲੇਖ ਨਹੀਂ ਲਿਖ ਰਹੀ।ਮੈ ਉਹਨਾਂ ਲਈ ਲਿਖ ਰਹੀ ਹਾਂ, ਜਿਨ੍ਹਾਂ ਨੂੰ ਮਾਪੇ ਇੱਕ ਵਾਰ ਤੋਰ ਕੇ ਬੋਲ ਦਿੰਦੇ ਹਨ ਕਿ ਡੋਲੀ ਵਿੱਚ ਗਈ ਏ,ਲਾਸ਼ ਬਣਕੇ ਆ ਸਕਦੀ ਏ।ਜਿੱਥੇ ਸਹੁਰੇ ਹੱਦ ਦਰਜ਼ੇ ਦੇ ਲੋਭੀ ਅਤੇ ਔਰਤ ਨੂੰ ਮੁੱਲ ਖਰੀਦੇ ਹੋਏ ਪਸ਼ੂ ਜਾਂ ਨੌਕਰ ਤੋਂ ਜਿਆਦਾ ਅਹਿਮੀਅਤ ਨਹੀਂ ਦਿੰਦੇ।ਬਿਨਾਂ ਸ਼ੱਕ ਅੱਜ ਵੀ ਅਜਿਹੇ ਪਰਿਵਾਰ ਮੌਜੂਦ ਹਨ।ਜਿੱਥੇ ਸੱਸ ਆਪਣੀ ਨੂੰਹ ਨੂੰ ਜੁੱਤੀ ਥੱਲੇ ਦਬਾ ਕੇ ਰੱਖਣ ਨੂੰ ਹੀ ਖੁਦ ਦੀ ਸਿਆਣਪ ਸਮਝਦੀ ਹੈ।ਜਿੱਥੇ ਨੂੰਹ ਸਿਰਫ ਕੰਮ ਕਰਨ ਤੇ ਬੱਚੇ ਜੰਮਣ ਲਈ ਹੀ ਵਿਆਹ ਕੇ ਲਿਆਂਦੀ ਜਾਂਦੀ ਹੈ।ਉਸਦੀਆਂ ਰੀਝਾਂ ਸੁਪਨਿਆਂ ਲਈ ਉਸ ਘਰ ਵਿੱਚ ਕੋਈ ਜਗ੍ਹਾ ਨਹੀਂ ਹੁੰਦੀ।ਜਿੱਥੇ ਸੱਸ ਨਨਾਣ ਲੱਖ ਝੂਠੇ ਇਲਜਾਮ ਲਾਉਂਦੀਆਂ ਹੋਣ ਤੇ ਨੂੰਹ ਨੂੰ ਆਪਣਾ ਪੱਖ ਰੱਖਣ ਦਾ ਵੀ ਮੌਕਾ ਨਾ ਦਿੱਤਾ ਜਾਂਦਾ ਹੋਵੇ। ਇੱਕ ਸ਼ਬਦ ਬੋਲਣ ਤੇ ਵੀ ਪਤੀ ਮਾਰ ਕੁੱਟ ਕਰ ਸੁਟਦਾ ਹੋਵੇ,ਅਜਿਹੇ ਘਰ ਵਿੱਚੋ ਮਾਂ ਬਾਪ ਨੂੰ ਆਪਣੀ ਬੇਟੀ ਨੂੰ ਜਰੂਰ ਛੁਡਵਾ ਲੈਣਾ ਚਾਹੀਦਾ ਹੈ ਅਤੇ ਉਸਨੂੰ ਕਹਿਣਾ ਚਾਹੀਦਾ ਹੈ,ਕਿ ਕੀ ਹੋਇਆ ਉਸਨੂੰ ਵਿਆਹ ਦਿੱਤਾ ਗਿਆ,ਪਰ ਇਹ ਘਰ ਅੱਜ ਵੀ ਤੇਰਾ ਹੈ।

ਦੂਜੇ ਪਾਸੇ ਜੋ ਨੂੰਹਾਂ ਸੱਸ ਨੂੰ ਫਾਲਤੂ ਤੇ ਬੋਝ ਸਮਝਦੀਆਂ ਹਨ।ਉਸਦੇ ਬੇਟੇ ਨੂੰ ਉਸ ਨਾਲ ਗੱਲ ਕਰਨ ਤੋਂ ਵੀ ਮਨਾ ਕਰ ਦਿੰਦੀਆਂ ਹਨ।ਗੱਲ ਗੱਲ ਤੇ ਆਪਣੀ ਚਲਾਉਣ ਤਾਂ ਉਹਨਾਂ ਨੂੰ ਵੀ ਉਹਨਾਂ ਦੇ ਮਾਂ ਬਾਪ ਦਾ ਫਰਜ਼ ਹੈ ਕਿ ਸਮਝਾ ਦੇਣ ਕਿ ਸੱਸ ਨੇ ਆਪਣੀ ਪੂਰੀ ਉਮਰ ਗਵਾ ਕੇ ਇਸ ਘਰ ਨੂੰ ਬਣਾਇਆ ਹੈ।ਉਸ ਉੱਪਰ ਉਸਦਾ ਵੀ ਇੰਨਾ ਹੀ ਹੱਕ ਹੈ।ਜੇਕਰ ਇਹ ਦੋਨੋਂ ਗੱਲਾਂ ਦੋਨੋਂ ਧਿਰ ਸਮਝ ਜਾਣ ਤਾਂ ਇਹ ਸਵਾਲ ਹੀ ਨਾ ਉਠੇ,ਕਿ ਔਰਤ ਦਾ ਘਰ ਕਿਹੜਾ?

-ਰਾਜਨਦੀਪ ਕੌਰ

6239326166

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, Sajandeep Singh |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer Marketing: | Aman Warraich Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# 'ਆਪ' ਦੀ ਹੂੰਝਾ-ਫੇਰ ਜਿੱਤ, ਪੰਜਾਬੀਆਂ ਦਾ ਦਲੇਰਾਨਾ ਫ਼ੈਸਲਾ





ਡਾ. ਸੁਖਦੇਵ ਸਿੰਘ ਝੰਡ
(1-647-567-9128)

ਪੰਜਾਬ ਵਿਚ 2022 ਦੀਆਂ ਅਸੈਂਬਲੀ ਚੋਣਾਂ ਵਿਚ ਇਕ ਨਵਾਂ ਇਤਿਹਾਸ ਸਿਰਜਿਆ ਗਿਆ ਹੈ। ਆਮ ਆਦਮੀ ਪਾਰਟੀ ਨੇ 117 ਵਿੱਚੋਂ 92 ਪ੍ਰਾਪਤ ਕਰਕੇ ਸ਼ਾਨਦਾਰ 'ਹੂੰਝਾ-ਫੇਰ ਜਿੱਤ' ਪ੍ਰਾਪਤ ਕੀਤੀ ਹੈ। ਪਾਰਟੀ ਦੀ ਪੰਜਾਬ ਵਿਚ ਇਹ ਜਿੱਤ ਕਿਸੇ 'ਸੁਨਾਮੀ' ਤੋਂ ਘੱਟ ਨਹੀਂ ਹੈ ਜਿਸ ਵਿਚ ਪਿਛਲੇ 100 ਸਾਲ ਤੋਂ ਵਧੀਕ ਪੁਰਾਣੀਆਂ ਰਵਾਇਤੀ ਪਾਰਟੀਆਂ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਕੱਖਾਂ-ਕਾਨਾਂ ਵਾਂਗ ਰੁੜ੍ਹ ਗਈਆਂ ਹਨ ਅਤੇ ਉਨ੍ਹਾਂ ਦੇ ਕਈ ਉਮੀਦਵਾਰ ਤਾਂ ਆਪਣੀਆਂ ਜ਼ਮਾਨਤਾਂ ਵੀ ਨਹੀਂ ਬਚਾਅ ਸਕੇ। ਇਨ੍ਹਾਂ 'ਮਹਾਂਰਥੀਆਂ' ਦੇ ਨਾਂ ਦੱਸਣ ਦੀ ਜ਼ਰੂਰਤ ਨਹੀਂ ਹੈ, ਲੋਕ ਭਲੀ-ਭਾਂਤ ਜਾਣਦੇ ਹਨ। ਹੋਰ ਤਾਂ ਹੋਰ ਸ਼੍ਰੋਮਣੀ ਅਕਾਲੀ ਦਲ ਦੇ ਪੰਜ ਵਾਰ ਰਹਿ ਚੁੱਕੇ ਮੁੱਖ-ਮੰਤਰੀ ਪ੍ਰਕਾਸ਼ ਸਿੰਘ ਬਾਦਲ ਜੋ ਸ਼ਾਇਦ ਹੁਣ 'ਛੇਵੀਂ ਵਾਰ' ਮੁੱਖ-ਮੰਤਰੀ ਬਣ ਕੇ ਆਪਣੇ ਹੀ ਬਣਾਏ ਹੋਏ ਪਿਛਲੇ ਰਿਕਾਰਡ ਨੂੰ ਤੋੜਨਾ ਚਾਹੁੰਦੇ ਸਨ, ਨੂੰ ਇਨ੍ਹਾਂ ਚੋਣਾਂ ਵਿਚ ਮੂੰਹ ਦੀ ਖਾਣੀ ਪਈ ਹੈ ਅਤੇ ਉਹ ਰਵਾਇਤੀ 'ਲੰਬੀ' ਵਿਧਾਨ ਸਭਾ ਸੀਟ ਤੋਂ ਆਪਣੀ ਜਿੱਤ ਹੋਰ ਲੰਬੀ ਨਹੀਂ ਕਰ ਸਕੇ। ਉਨ੍ਹਾਂ ਦਾ ਸਪੁੱਤਰ ਸੁਖਬੀਰ ਸਿੰਘ ਬਾਦਲ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਜਿਸ ਨੇ ਖ਼ੁਦ ਨੂੰ ਅਗਲੀ ਸਕਾਰ ਦਾ 'ਸੰਭਾਵੀ ਮੁੱਖ-ਮੰਤਰੀ' ਐਲਾਨਿਆਂ ਸੀ, ਵੀ ਆਪਣੀ ਹਰਮਨ-ਪਿਆਰੀ ਸੀਟ ਜਲਾਲਾਬਾਦ ਤੋਂ ਮੂਧੇ-ਮੂੰਹ ਜਾ ਡਿੱਗਾ ਹੈ। ਪੰਜਾਬ ਕਾਂਗਰਸ ਦਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਆਪਣੇ ਅੰਮ੍ਰਿਤਸਰ ਪੂਰਬੀ ਹਲਕੇ ਜਿੱਥੋਂ ਉਹ ਅਤੇ ਉਸ ਦੀ ਪਤਨੀ ਡਾ. ਨਵਜੋਤ ਕੌਰ ਪਹਿਲਾਂ ਆਪੋ-ਆਪਣੀ ਸ਼ਾਨਦਾਰ ਜਿੱਤ ਦਰਜ ਕਰਵਾ ਚੁੱਕੇ ਸਨ, ਵੀ ਇਸ ਵਾਰ ਬੁਰੀ ਤਰ੍ਹਾਂ ਹਾਰਿਆ ਹੈ ਅਤੇ ਇਸ ਦੇ ਨਾਲ ਹੀ ਉਸ ਦੇ ਵੱਲੋਂ ਪੰਜਾਬ ਦੀ ਕਥਿਤ ਤਰੱਕੀ ਤੇ ਖ਼ੁਸ਼ਹਾਲੀ ਲਈ ਦਿੱਤਾ ਗਿਆ "ਪੰਜਾਬ ਮਾਡਲ" ਵੀ ਚਕਨਾਚੂਰ ਹੋ ਗਿਆ ਹੈ। ਇਹ ਵੱਖਰੀ ਗੱਲ ਹੈ ਕਿ ਪੰਜਾਬ ਕਾਂਗਰਸ ਪਾਰਟੀ ਦੇ ਸਿਰਕੱਢ ਆਗੂਆਂ ਦੀ ਆਪਸੀ ਅੰਦਰੂਨੀ ਲੜਾਈ ਅਤੇ ਮੁੱਖ-ਮੰਤਰੀਸ਼ਿਪ ਲਈ ਖਿੱਚੋਤਾਣ ਹੀ ਇਸ ਹਾਰ ਦਾ ਮੁੱਖ ਕਾਰਨ ਬਣਿਆ ਹੈ। ਪਰ ਹਾਰ ਤਾਂ ਅਖ਼ੀਰ ਹਾਰ ਹੀ ਹੁੰਦੀ ਹੈ। ਆਪਣੀ ਪਾਰਟੀ ਦੀ ਹੋਈ ਸ਼ਰਮਨਾਕ ਹਾਰ ਦੀ ਜ਼ਿੰਮੇਵਾਰੀ ਲੈਂਦਿਆਂ ਉਸ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਵਜੋਂ ਅਸਤੀਫ਼ਾ ਵੀ ਪੇਸ਼ ਕਰ ਦਿੱਤਾ ਹੈ।

ਅੰਮ੍ਰਿਤਸਰ ਦੇ ਇਸ ਚੋਣ-ਹਲਕੇ ਤੋਂ ਨਵਜੋਤ ਸਿੱਧੂ ਦੀਆਂ ਗੋਡੀਆਂ ਲਵਾਉਣ ਲਈ ਸ਼੍ਰੋਮਣੀ ਅਕਾਲੀ ਦਲ ਦਾ ਕਥਿਤ "ਮਾਝੇ ਦਾ ਜਰਨੈਲ" ਬਿਕਰਮਜੀਤ ਸਿੰਘ ਮਜੀਠੀਆ ਜੋ ਆਪਣਾ ਰਵਾਇਤੀ ਚੋਣ-ਹਲਕਾ ਮਜੀਠਾ ਆਪਣੀ ਪਤਨੀ ਗੁਨੀਵ ਕੌਰ ਨੂੰ ਸੌਂਪ ਕੇ ਪੱਟਾਂ 'ਤੇ ਹੱਥ ਮਾਰ ਕੇ ਲਲਕਾਰੇ ਮਾਰਦਾ ਇੱਥੇ ਆਇਆ ਸੀ, ਨੂੰ ਵੀ ਕਰਾਰੀ ਹਾਰ ਦਾ ਮੂੰਹ ਵੇਖਣਾ ਪਿਆ ਹੈ ਅਤੇ ਇਸ ਚੋਣ ਵਿਚ ਤੀਸਰੇ ਨੰਬਰ 'ਤੇ ਆ ਕੇ ਉਸ ਦੀ ਉਸ ਦੀ ਹਾਲਤ ਤਾਂ ਨਵਜੋਤ ਸਿੱਧੂ ਨਾਲੋਂ ਵੀ ਪਤਲੀ ਹੋ ਗਈ ਹੈ। ਪੰਜਾਬ ਵਿਚ 'ਨਸ਼ੇ-ਤਸਕਰਾਂ' ਦੀ ਕਥਿਤ ਮਦਦ ਕਰਨ ਦੇ ਗੰਭੀਰ ਦੋਸ਼ ਅਧੀਨ ਉਸ ਦੀ ਜ਼ਮਾਨਤ ਪੰਜਾਬ ਤੇ ਹਰਿਆਣਾ ਕੋਰਟ ਵੱਲੋਂ ਰੱਦ ਹੋ ਚੁੱਕੀ ਹੈ। ਉਹ ਇਸ ਸਮੇਂ ਜੁਡੀਸ਼ੀਅਲ ਹਿਰਾਸਤ ਵਿਚ ਪਟਿਆਲੇ ਦੀ ਜੇਲ੍ਹ ਵਿਚ 22 ਮਾਰਚ ਤੱਕ ਬੰਦ ਹੈ ਅਤੇ ਭਾਰਤ ਦੀ ਸਰਵ-ਉੱਚ ਅਦਾਲਤ 'ਸੁਪਰੀਮ ਕੋਰਟ' ਤੋਂ ਜ਼ਮਾਨਤ ਮਿਲਣ ਦੀ ਉਡੀਕ ਕਰ ਰਿਹਾ ਹੈ। ਦੋ-ਦੋ ਅਸੈਂਬਲੀ ਸੀਟਾਂ ਚਮਕੌਰ ਸਾਹਿਬ ਅਤੇ ਭਦੌੜ ਤੋਂ ਖੜਾ ਹੋਇਆ 111 ਦਿਨ ਦਾ ਮੁੱਖ-ਮੰਤਰੀ ਚਰਨਜੀਤ ਸਿੰਘ ਚੰਨੀ ਇਨ੍ਹਾਂ ਦੋਹਾਂ ਤੋਂ ਹੀ ਬੁਰੀ ਤਰ੍ਹਾਂ ਹਾਰਿਆ ਹੈ। ਲੱਗਦਾ ਹੈ, ਉਸ ਦੀ ਸਾਲੀ ਦਾ ਮੁੰਡਾ 'ਹਨੀ' ਉਸ ਦੀਆਂ ਜੜ੍ਹੀਂ ਬਹਿ ਗਿਆ ਹੈ। ਪਰ ਸੱਭ ਤੋਂ ਮਾੜੀ ਤਾਂ ਪੰਜਾਬ ਦੇ ਸਾਢੇ ਨੌਂ ਸਾਲ ਰਹੇ ਸਾਬਕਾ ਮੁੱਖ-ਮੰਤਰੀ ਨਾਲ ਹੋਈ ਹੈ ਜਿਸ ਦੇ ਮੰਤਰੀ-ਮੰਡਲ ਵਿੱਚੋਂ 'ਮਾਝਾ-ਬ੍ਰਿਗੇਡ' ਵਾਲਿਆਂ ਨੇ ਬਗ਼ਾਵਤ ਕਰਕੇ ਪਹਿਲਾਂ ਹੀ ਉਸ ਨੂੰ ਮੁੱਖ-ਮੰਤਰੀ ਦੀ ਕੁਰਸੀ ਤੋਂ ਲਾਂਭੇ ਕਰ ਦਿੱਤਾ ਸੀ ਅਤੇ ਫਿਰ ਉਸ ਨੇ ਆਪਣੀ ਵੱਖਰੀ 'ਪੰਜਾਬ ਲੋਕ ਕਾਂਗਰਸ ਪਾਰਟੀ' ਬਣਾ ਕੇ ਢੀਂਡਸਿਆਂ ਦੇ 'ਸੰਯੁਕਤ ਅਕਾਲੀ ਦਲ' ਤੇ ਭਾਰਤੀ ਜਨਤਾ ਪਾਰਟੀ ਨਾਲ ਮਿਲ ਕੇ ਇਹ ਚੋਣ ਲੜੀ ਸੀ। ਉਸ ਦੀ ਪਾਰਟੀ ਨੇ ਕੋਈ ਸੀਟ ਤਾਂ ਕੀ ਜਿੱਤਣੀ ਸੀ, ਉਹ ਆਪ ਵੀ ਪਟਿਆਲੇ ਸ਼ਹਿਰੀ ਦੀ ਆਪਣੀ ਰਵਾਇਤੀ ਸੀਟ ਤੋਂ ਬਹੁਤ ਬੁਰੀ ਤਰ੍ਹਾਂ ਹਾਰ ਗਿਆ ਹੈ। ਉਸ ਦੀ ਸਹਿਯੋਗੀ ਪਾਰਟੀਆਂ ਵਿੱਚੋਂ ਇਸ ਸਮੇਂ ਕੇਂਦਰ ਵਿਚ ਰਾਜ-ਸੱਤਾ ਹੰਢਾਅ ਰਹੀ ਬੀਜੇਪੀ ਨੂੰ ਕੇਵਲ ਦੋ ਸੀਟਾਂ ਹੀ ਮਿਲ ਸਕੀਆਂ ਹਨ ਅਤੇ ਸੰਯੁਕਤ ਅਕਾਲੀ ਦਲ ਵਾਲੇ 'ਢੀਂਡਸੇ' ਤਾਂ ਬਿਲਕੁਲ ਫ਼ਾਡੀ ਹੀ ਰਹੇ ਹਨ।

10 ਮਾਰਚ ਨੂੰ ਆਏ ਪੰਜਾਬ ਵਿਧਾਨ ਸਭਾ ਚੋਣਾਂ ਦੇ ਨਤੀਜੇ ਇਸ ਵਾਰ ਸੱਭਨਾਂ ਨੂੰ ਹੈਰਾਨ ਕਰਨ ਵਾਲੇ ਹਨ। ਬੇਸ਼ਕ, 7 ਮਾਰਚ ਦੀ ਰਾਤ ਨੂੰ ਆਏ ਬਹੁਤੇ 'ਐਗਜ਼ਿਟ-ਪੋਲ ਸਰਵਿਆਂ' ਵੱਲੋਂ ਆਮ ਆਦਮੀ ਪਾਰਟੀ ਨੂੰ ਦੂਸਰੀਆਂ ਰਾਜਸੀ ਪਾਰਟੀਆਂ ਨਾਲੋਂ ਕਾਫ਼ੀ ਅੱਗੇ ਵਿਖਾਇਆ ਗਿਆ ਸੀ ਅਤੇ ਇਨ੍ਹਾਂ ਵਿੱਚੋਂ ਇਕ ਨੇ ਤਾਂ ਇਸ ਨੂੰ 100 ਸੀਟਾਂ ਦੇਣ ਬਾਰੇ ਵੀ ਕਿਹਾ ਸੀ। ਪਰ ਫਿਰ ਵੀ ਬਹੁਤ ਸਾਰੇ ਪੰਜਾਬੀਆਂ ਨੂੰ ਇਨ੍ਹਾਂ 'ਤੇ ਯਕੀਨ ਨਹੀਂ ਆ ਰਿਹਾ ਸੀ, ਕਿਉਂਕਿ 2017 ਦੀਆਂ ਵਿਧਾਨ ਸਭਾ ਚੋਣਾਂ ਵਿਚ ਇਨ੍ਹਾਂ ਸਰਵਿਆਂ ਨੇ ਆਮ ਆਦਮੀ ਪਾਰਟੀ ਨੂੰ ਸਪੱਸ਼ਟ ਬਹੁ-ਮੱਤ ਲੈਂਦੀ ਹੋਈ 'ਜੇਤੂ' ਵਿਖਾ ਕੇ ਸਰਕਾਰ ਬਣਾਉਣ ਵਾਲੀ ਪਾਰਟੀ ਵਿਖਾਇਆ ਸੀ ਪਰ ਉਸ ਤੋਂ ਦੋ ਦਿਨਾਂ ਬਾਅਦ ਅਸਲੀ ਚੋਣ-ਨਤੀਜੇ ਆਉਣ 'ਤੇ ਉਸ ਨੂੰ ਕੇਵਲ 20 ਸੀਟਾਂ ਹੀ ਮਿਲ ਸਕੀਆਂ ਸਨ। ਇਸ ਵਾਰ ਇਹ 'ਐਗਜ਼ਿਟ-ਪੋਲ ਸਰਵੇ' ਕਾਫ਼ੀ ਹੱਦ ਤੀਕ ਸਹੀ ਸਾਬਤ ਹੋਏ ਹਨ, ਭਾਵੇਂ ਇਨ੍ਹਾਂ ਵਿੱਚੋਂ ਬਹੁਤਿਆਂ ਨੇ 'ਆਪ' ਨੂੰ ਮਿਲਣ ਵਾਲੀਆਂ ਸੀਟਾਂ ਦੀ ਗਿਣਤੀ 60 ਤੋਂ 72 ਦੇ ਵਿਚਕਾਰ ਹੀ ਦੱਸੀ ਸੀ। 10 ਮਾਰਚ ਨੂੰ ਐਲਾਨ ਹੋਏ ਨਤੀਜਿਆਂ ਨੇ ਇਹ ਗਿਣਤੀ 92 ਤੱਕ ਪਹੁੰਚਾ ਦਿੱਤੀ। ਹੋ ਸਕਦਾ ਹੈ ਕਿ ਇਸ ਪਾਰਟੀ ਦੇ ਆਗੂਆਂ ਨੂੰ ਵੀ ਏਨੀ ਵੱਡੀ ਗਿਣਤੀ ਵਿਚ ਸੀਟਾਂ ਮਿਲਣ ਦੀ ਆਸ ਨਾ ਹੋਵੇ, ਭਾਵੇਂ ਕਿ ਬਹੁ-ਮੱਤ ਲਿਜਾਣ ਦੀ ਉਨ੍ਹਾਂ ਨੂੰ ਆਸ ਜ਼ਰੂਰ ਸੀ।

20 ਫ਼ਰਵਰੀ ਨੂੰ ਪਈਆਂ ਵੋਟਾਂ ਤੋਂ ਬਾਅਦ ਬਹੁਤ ਸਾਰੇ 'ਚੋਣ-ਪੰਡਤ' ਪੰਜਾਬ ਵਿਚ 'ਤ੍ਰਿਸ਼ੰਕੂ ਸਰਕਾਰ' (ਹੰਗ-ਅਸੈਂਬਲੀ) ਬਣਨ ਦੀਆਂ ਅਟਕਲਾਂ ਲਗਾ ਰਹੇ ਸਨ। ਕੋਈ ਵੀ ਕਿਸੇ ਵੀ ਪਾਰਟੀ ਨੂੰ ਬਹੁ-ਮੱਤ ਨਹੀਂ ਦੇ ਰਿਹਾ ਸੀ ਅਤੇ ਸਾਰੇ ਇਕ-ਦੂਸਰੀ ਪਾਰਟੀ ਨਾਲ ਮਿਲ਼ ਕੇ ਗੱਠ-ਜੋੜ ਵਾਲੀ 'ਮਿਲਗੋਭਾ ਸਰਕਾਰ' ਜਾਂ ਕਿਸੇ ਇਕ ਪਾਰਟੀ ਵੱਲੋਂ ਦੂਸਰੀ ਨੂੰ ਬਾਹਰੋਂ 'ਆਸਰਾ' (ਸਮੱਰਥਨ) ਦੇ ਕੇ 'ਲੰਗੜੀ-ਲੂਲ੍ਹੀ ਸਰਕਾਰ' ਬਣਾਉਣ ਦੀਆਂ ਗੱਲਾਂ ਕਰ ਰਹੇ ਹਨ। 10 ਮਾਰਚ ਨੂੰ ਆਏ ਚੋਣ ਨਤੀਜਿਆਂ ਨੇ ਇਨ੍ਹਾਂ ਸਾਰੇ ਚੋਣ-ਪੰਡਤਾਂ ਦੇ ਮੂੰਹ 'ਤੇ ਕਰਾਰੀ ਚਪੇੜ ਮਾਰੀ ਹੈ। ਇਨ੍ਹਾਂ ਚੋਣ ਨਤੀਜਿਆਂ ਨੇ ਦੱਸ ਦਿੱਤਾ ਹੈ ਕਿ ਪੰਜਾਬੀ ਚੋਣਾਂ ਵੇਲੇ ਜੋ ਵੀ ਫ਼ੈਸਲਾ ਕਰਦੇ ਹਨ, ਉਹ 'ਵਿਚ-ਵਿਚਾਲੇ' ਵਾਲਾ ਨਹੀਂ ਹੁੰਦਾ, ਸਗੋਂ ਇਹ ਸਪੱਸ਼ਟ ਤੇ ਸਾਫ਼ ਹੁੰਦਾ ਹੈ ਅਤੇ ਉਸ ਵਿਚ ਏਧਰ-ਓਧਰ ਹੋਣ ਦੀ ਗੁੰਜਾਇਸ਼ ਨਹੀਂ ਹੁੰਦੀ। ਇਨ੍ਹਾਂ ਚੋਣਾਂ ਵਿਚ ਆਮ ਆਦਮੀ ਪਾਰਟੀ ਦੇ 92 ਉਮੀਦਵਾਰਾਂ ਨੂੰ ਜਿਤਾ ਕੇ ਪੰਜਾਬੀਆਂ ਇਕ ਵਾਰ ਫਿਰ ਦਲੇਰਾਨਾ ਫ਼ੈਸਲਾ ਕੀਤਾ ਹੈ।

ਉਂਜ ਵੇਖਿਆ ਜਾਏ ਤਾਂ ਪੰਜਾਬ ਵਿਚ ਹੁਣ ਤੀਕ ਹੋਈਆਂ ਲੱਗਭੱਗ ਸਾਰੀਆਂ ਹੀ ਚੋਣਾਂ ਵਿਚ ਜੇਤੂ ਧਿਰ ਸਪੱਸ਼ਟ ਬਹੁ-ਮੱਤ ਵਿਚ ਰਹੀ ਹੈ, ਭਾਵੇਂ ਇਸ ਵਿਚ ਦੋ ਜਾਂ ਤਿੰਨ ਰਾਜਨੀਤਿਕ ਪਾਰਟੀਆਂ ਦਾ ਚੋਣ ਤੋਂ ਕੁਝ ਸਮਾਂ ਪਹਿਲਾਂ ਹੀ ਕੀਤਾ ਗਿਆ 'ਪ੍ਰੀ-ਪੋਲ ਅਲਾਇੰਸ' ਹੀ ਸ਼ਾਮਲ ਕਿਉਂ ਨਾ ਹੋਵੇ। ਸ਼੍ਰੋਮਣੀ ਅਕਾਲੀ ਦਲ ਤੇ ਬੀਜੇਪੀ ਦੇ "ਨਹੁੰ-ਮਾਸ ਦੇ ਰਿਸ਼ਤੇ" ਵਾਲਾ ਗੱਠ-ਜੋੜ ਪੰਜਾਬ ਵਿਚ ਕਈ ਸਾਲ ਰਾਜ ਕਰ ਚੁੱਕਾ ਹੈ। ਇਹ ਵੱਖਰੀ ਗੱਲ ਹੈ ਕਿ ਇਸ ਵਾਰ ਨਹੁੰ ਵੱਖਰਾ ਤੇ ਮਾਸ ਵੱਖਰਾ ਹੋ ਗਿਆ ਹੈ ਅਤੇ ਇਸ ਨੂੰ ਮਜਬੂਰੀ ਵਿਚ ਬਹੁਜਨ ਸਮਾਜ ਪਾਰਟੀ (ਬੀ.ਐੱਸ.ਪੀ.) ਨਾਲ ਗੱਠ-ਜੋੜ ਕਰਨਾ ਪਿਆ ਜਿਸ ਨਾਲ ਇਸ ਨੇ ਪਹਿਲਾਂ ਵੀ ਇਕ ਵਾਰ ਅਜਿਹਾ ਗੱਠਜੋੜ ਕੀਤਾ ਸੀ ਜੋ ਸਫ਼ਲ ਨਹੀਂ ਹੋ ਸਕਿਆ ਸੀ ਅਤੇ ਇਸ ਵਾਰ ਵੀ ਇਸ ਨੂੰ ਕੋਈ ਫ਼ਾਇਦਾ ਨਹੀਂ ਹੋਇਆ। ਇਸ ਤੋਂ ਪਹਿਲਾਂ ਜਦੋਂ ਬੀਜੇਪੀ ਅਜੇ ਹੋਂਦ ਵਿਚ ਨਹੀਂ ਸੀ ਆਈ ਤਾਂ ਅਕਾਲੀ ਦਲ ਨੇ ਇਸ ਪਾਰਟੀ ਦੇ ਪਹਿਲੇ ਨਾਂ ਵਾਲੀ 'ਜਨਸੰਗ ਪਾਰਟੀ' ਨਾਲ ਮਿਲ ਕੇ ਚੋਣ ਲੜਦਾ ਰਿਹਾ ਹੈ। ਕਾਂਗਰਸ ਪਾਰਟੀ ਨੇ ਵੀ ਇਕ ਵਾਰ ਕਮਿਊਨਿਸਟ ਪਾਰਟੀਆਂ ਦੇ ਨਾਲ ਗੱਠ-ਜੋੜ ਕਰਕੇ ਪੰਜਾਬ ਵਿਚ ਸਰਕਾਰ ਬਣਾਈ ਸੀ ਜਿਸ ਵਿਚ ਕਮਿਊਨਿਸਟਾਂ ਦੇ ਦੋ ਮੰਤਰੀ ਵੀ ਬਣੇ ਸਨ ਜਿਨ੍ਹਾਂ ਵਿਚ ਅੰਮ੍ਰਿਤਸਰ ਪੱਛਮੀ ਤੋਂ ਜਿੱਤ ਕੇ ਆਇਆ ਸੀ.ਪੀ.ਆਈ. ਦਾ ਬੇਹੱਦ ਇਮਾਨਦਾਰ ਆਗੂ ਸੱਤ ਪਾਲ ਡਾਂਗ ਵੀ ਸ਼ਾਮਲ ਸੀ। ਦੂਸਰੇ ਦਾ ਹੁਣ ਨਾਂ ਯਾਦ ਨਹੀਂ ਆ ਰਿਹਾ। ਇਹ ਸਾਰੇ ਗੱਠ-ਜੋੜ ਚੋਣਾਂ ਦੀ ਪ੍ਰਕਿਰਿਆ ਸ਼ੁਰੂ ਹੋਣ ਤੋਂ ਪਹਿਲਾਂ ਬਣੇ ਸਨ।

ਹੁਣ ਆਮ ਆਦਮੀ ਪਾਰਟੀ ਨੂੰ ਆਸ ਤੋਂ ਵੀਂ ਵੱਧ ਮਿਲ਼ੇ ਸਪੱਸ਼ਟ ਸਮੱਰਥਨ ਨਾਲ ਇਸ ਦੀ ਸਰਕਾਰ ਬਣ ਗਈ ਹੈ ਅਤੇ ਪੰਜਾਬ ਦੇ ਵੋਟਰਾਂ ਵੱਲੋਂ ਇਸ ਪਾਰਟੀ ਨੂੰ ਮਿਲਿਆ ਇਹ 'ਭਾਰੀ ਸਮੱਰਥਨ' ਹੁਣ ਤੱਕ ਦਾ ਰਿਕਾਰਡ ਹੈ। ਇਸ ਦੇ ਬਣੇ ਮੁੱਖ ਮੰਤਰੀ ਭਗਵੰਤ ਮਾਨ ਜਿਸ ਨੂੰ ਇਸ ਦੇ ਵਿਧਾਇਕਾਂ ਨੇ ਸੰਵਿਧਾਨਕ ਤੌਰ 'ਤੇ ਆਪਣਾ ਨੇਤਾ ਚੁਣ ਲਿਆ ਹੈ ਅਤੇ ਉਨ੍ਹਾਂ ਪੰਜਾਬ ਦੇ ਰਾਜਪਾਲ ਨੂੰ ਮਿਲ਼ ਕੇ ਅਤੇ 92 ਵਿਧਾਇਕਾਂ ਦੀ ਲਿਸਟ ਸੌਂਪ ਕੇ ਵਿਧਾਨ ਸਭਾ ਵਿਚ ਵੱਡੀ ਧਿਰ ਹੋਣ ਦਾ ਦਾਅਵਾ ਪੇਸ਼ ਕਰ ਦਿੱਤਾ ਹੈ। ਉਹ ਆਪਣੇ ਸਾਥੀ ਮੰਤਰੀਆਂ ਨਾਲ ਭਾਰਤ ਦੇ ਮਹਾਨ ਸ਼ਹੀਦ ਭਗਤ ਸਿੰਘ ਦੇ ਪਰਿਵਾਰਿਕ ਪਿਛੋਕੜ ਨਾਲ ਜੁੜੇ ਪੰਜਾਬ ਦੇ ਇਤਿਹਾਸਕ ਪਿੰਡ 'ਖੱਟਕੜ-ਕਲਾਂ' ਵਿਚ 16 ਮਾਰਚ ਨੂੰ ਆਯੋਜਿਤ ਕੀਤੇ ਜਾ ਰਹੇ ਵਿਸ਼ਾਲ ਸਹੁੰ-ਚੁਕ ਸਮਾਗ਼ਮ ਵਿਚ ਆਪਣੇ ਸੰਵਿਧਾਨਕ ਅਹੁਦਿਆਂ ਅਤੇ ਸਰਕਾਰੀ ਭੇਦਾਂ ਨੂੰ ਗੁਪਤ ਰੱਖਣ ਦੀ ਸਹੁੰ ਚੁੱਕ ਰਹੇ ਹਨ ਅਤੇ ਉਨ੍ਹਾਂ ਨੇ ਪੰਜਾਬੀਆਂ ਨੂੰ ਵੱਡੀ ਗਿਣਤੀ ਵਿਚ ਇਸ ਸਮਾਗ਼ਮ ਵਿਚ ਪਹੁੰਚਣ ਦਾ ਸੱਦਾ ਵੀ ਦਿੱਤਾ ਹੈ।


ਵਿਦੇਸ਼ਾਂ ਵਿਚ ਵੀ ਕਈ ਸ਼ਹਿਰਾਂ ਜਿੱਥੇ ਪੰਜਾਬੀ ਵੱਡੀ ਗਿਣਤੀ ਵਿਚ ਵੱਸਦੇ ਹਨ, ਆਮ ਆਦਮੀ ਪਾਰਟੀ ਦੀ ਇਸ ਮਹਾਨ ਜਿੱਤ 'ਤੇ ਪੰਜਾਬੀਆਂ ਵੱਲੋਂ ਭਾਰੀ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਹੈ। ਕੈਨੇਡਾ ਦੇ ਸ਼ਹਿਰਾਂ ਬਰੈਂਪਟਨ ਅਤੇ ਸਰੀ ਜੋ ਪੰਜਾਬੀਆਂ ਦੇ ਗੜ੍ਹ ਸਮਝੇ ਜਾਂਦੇ ਹਨ, ਵਿਚ 'ਆਪ' ਦੇ ਸਮੱਰਥਕਾਂ ਵੱਲੋਂ ਵੱਡੇ-ਵੱਡੇ ਬੈਂਕੁਇਟ ਹਾਲ ਬੁੱਕ ਕਰਵਾ ਕੇ ਸਮੂਹਿਕ ਰੂਪ ਵਿਚ ਇਹ ਖ਼ੁਸ਼ੀ ਸਾਂਝੀ ਕੀਤੀ ਗਈ ਹੈ। ਬਰੈਂਪਟਨ ਵਿਚ ਸੁਦੀਪ ਸਿੰਗਲਾ ਤੇ ਗੁਰਦੀਪ ਢਿੱਲੋਂ ਦੀ ਅਗਵਾਈ ਵਿਚ ਪ੍ਰਬੰਧਕਾਂ ਵੱਲੋਂ 'ਚਾਂਦਨੀ ਬੈਂਕੁਇਟ ਹਾਲ ਵਿਚ ਦੋ ਵੱਡੀਆਂ ਸਕਰੀਨਾਂ ਉੱਪਰ ਇਹ ਚੋਣ-ਨਤੀਜੇ ਵਿਖਾਉਣ ਦਾ ਵਧੀਆ ਇੰਤਜ਼ਾਮ ਕੀਤਾ ਗਿਆ ਅਤੇ ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਚਾਹ-ਪਾਣੀ ਤੇ ਖਾਣ-ਪੀਣ ਦਾ ਵੀ ਸੁਚੱਜਾ ਪ੍ਰਬੰਧ ਵੀ ਸੀ। ਗਰਮਾ-ਗਰਮ ਚਾਹ ਅਤੇ ਸਨੈਕਸ ਸਵੇਰ ਦੇ ਤਿੰਨ ਵਜੇ ਤੀਕ ਚੱਲਦੇ ਰਹੇ। ਜਿਵੇਂ-ਜਿਵੇਂ 'ਆਪ' ਦੇ ਉਮੀਦਵਾਰਾਂ ਦੇ ਹੋਰਨਾਂ ਦੇ ਨਾਲੋਂ ਅੱਗੇ ਹੋਣ ਦੇ ਰੁਝਾਨ ਵੱਧਦੇ ਗਏ, ਹਾਲ ਵਿਚ ਤਾੜੀਆਂ ਦੀ ਗੂੰਜ ਵੀ ਨਾਲੋ-ਨਾਲ ਉੱਚੀ ਹੁੰਦੀ ਗਈ। ਲੋਕਾਂ ਨੇ ਜਦੋਂ ਵੇਖਿਆ ਕਿ "ਉੱਤਰ ਕਾਟੋ ਮੈਂ ਚੜ੍ਹਾਂ" ਵਾਲੀਆਂ ਦੋਹਾਂ ਪਾਰਟੀਆਂ ਦਾ ਸਮਾਂ ਸਮਾਪਤੀ ਦੇ ਕੰਢੇ 'ਤੇ ਹੈ ਤਾਂ ਤਾੜੀਆਂ ਦੀ ਇਹ ਗੜਗੜਾਹਟ ਹੋਰ ਉਚੇਰੀ ਹੁੰਦੀ ਗਈ। ਜਦੋਂ ਸਕਰੀਨਾਂ 'ਤੇ 92 ਸੀਟਾਂ ਉੱਪਰ 'ਆਪ' ਦੇ ਅੱਗੇ ਚੱਲਣ ਦੀ ਖ਼ਬਰ ਆਈ ਤਾਂ ਜਾਲ ਵਿਚ ਢੋਲ ਵੱਜਣੇ ਅਤੇ ਭੰਗੜੇ ਪੈਣੇ ਸ਼ੁਰੂ ਹੋ ਗਏ। ਢੋਲ ਦੇ ਡੱਗਿਆਂ 'ਤੇ ਬੀਬੀਆਂ ਨੇ ਵੀ ਨੱਚ ਕੇ ਖ਼ੂਬ ਧਮਾਲਾਂ ਪਾਈਆਂ ਅਤੇ ਉਨ੍ਹਾਂ ਦੇ ਨਾਲ ਬੱਚੇ ਵੀ ਪੂਰੇ ਰੌਂਅ 'ਚ ਨੱਚ ਨੱਚ ਕੇ ਧਮੱਚੜਾ ਪਾ ਰਹੇ ਸਨ। ਜਸ਼ਨ ਦੇ ਅਖ਼ੀਰ ਵਿਚ 'ਆਪ' ਦਾ ਜੇਤੂ ਕੇਕ ਕੱਟ ਕੇ ਸਾਰਿਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ।

ਸਾਰੇ ਪੰਜਾਬੀਆਂ ਨੂੰ ਇਸ ਨਵੀਂ ਬਣਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬੜੀਆਂ ਆਸਾਂ ਤੇ ਉਮੀਦਾਂ ਹਨ। ਉਨ੍ਹਾਂ ਨੇ ਰਵਾਇਤੀ ਪਾਰਟੀਆਂ ਨੂੰ ਨਪੂਰੀ ਤਰ੍ਹਾਂ ਨਕਾਰ ਕੇ ਇਸ ਪਾਰਟੀ ਵੱਲੋਂ ਦਿੱਤੇ ਗਏ ਪੰਜਾਬ ਦੀ ਰਾਜਨੀਤੀ ਵਿਚ ਬਦਲਾਅ ਲਿਆਉਣ ਦੇ ਵਾਅਦੇ ਨੂੰ ਮੁੱਖ ਰੱਖ ਕੇ ਭਾਰੀ ਗਿਣਤੀ ਵਿਚ ਇਸ ਨੂੰ ਵੋਟਾਂ ਪਾ ਕੇ ਕਾਮਯਾਬ ਕੀਤਾ ਹੈ ਅਤੇ ਉਹ ਚਾਹੁੰਦੇ ਹਨ ਕਿ ਇਹ ਨਵੀਂ ਸਰਕਾਰ ਪੰਜਾਬ ਵਿੱਚੋਂ ਭ੍ਰਿਸ਼ਟਾਚਾਰ ਨੂੰ ਦੂਰ ਕਰੇ, ਸਰਕਾਰੀ ਖ਼ਜ਼ਾਨੇ ਨੂੰ ਲੱਗ ਰਿਹਾ 'ਖ਼ੋਰਾ' ਖ਼ਤਮ ਕਰਕੇ ਸੂਬੇ ਦਾ ਬਹੁ-ਪੱਖੀ ਵਿਕਾਸ ਕਰੇ, ਨੌਜੁਆਨਾਂ ਵਿਚ ਆਈ ਨਸ਼ੇ ਦੀ ਲਾਅਨਤ ਨੂੰ ਦੂਰ ਕਰੇ ਅਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਕੇ ਸੂਬੇ ਵਿੱਚੋਂ ਬੇਰੋਜ਼ਗਾਰੀ ਦੂਰ ਕਰੇ। ਪੰਜਾਬ ਨੂੰ ਤਿੰਨ ਲੱਖ ਕਰੋੜ ਦੇ ਕਰਜ਼ੇ ਤੋਂ ਮੁਕਤ ਕਰੇ ਅਤੇ ਪੰਜਾਬ ਨੂੰ ਮੁੜ ਤਰੱਕੀ ਦੀਆਂ ਲੀਹਾਂ 'ਤੇ ਤੋਰੇ। ਉਨ੍ਹਾਂ ਨੂੰ ਇਸ ਦੀ ਪੂਰਨ ਆਸ ਹੈ ਅਤੇ ਇਸ ਦੁਨੀਆਂ ਵਿਚ ਆਸਾਂ-ਉਮੀਦਾਂ ਨਾਲ ਹੀ ਜਿਊਇਆ ਜਾਂਦਾ ਹੈ।

ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM
TV-nri 7:30am- 8:30am,TV-nri 8:30pm- 9:30pm

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

ਆਪਣੇ ਮਨ ਪਸੰਦ ਦੇ ਸੂਟ, ਸ਼ਾਲ, ਲਹਿੰਗਾ ਅਤੇ ਡੀਜ਼ਾਈਨਰ ਸੂਟ ਲੈਣ ਲਈ ਸੰਪਰਕ ਕਰੋ:
01191-9779100149



## ਸਰਕਾਰੀ ਦਫ਼ਤਰਾਂ ਵਿੱਚ ਡਾ. ਅੰਬੇਡਕਰ ਤੇ ਸ਼ਹੀਦ ਭਗਤ ਸਿੰਘ ਦੀਆਂ ਫੋਟੋ ਲਾਉਣਾ ਸੌਖਾ ਕੰਮ ਨਹੀਂ

ਲੁਧਿਆਣਾ, 16 ਮਾਰਚ (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਨਵੇਂ ਬਣੇ ਮੁੱਖ ਮੰਤਰੀ ਭਗਵੰਤ ਮਾਨ ਐਲਾਨ ਕਰ ਚੁੱਕੇ ਹਨ ਕਿ ਪੰਜਾਬ ਦੇ ਸਰਕਾਰੀ ਦਫ਼ਤਰਾਂ ਵਿੱਚ ਮੁੱਖ ਮੰਤਰੀ ਦੀ ਨਹੀਂ, ਸੰਵਿਧਾਨ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਤੇ ਦੇਸ਼ ਦੀ ਆਜ਼ਾਦੀ ਲਈ ਫਾਂਸੀ ਦਾ ਰੱਸਾ ਚੁੰਮਣ ਵਾਲੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀਆਂ ਫੋਟੋ ਲਾਈਆਂ ਜਾਣਗੀਆਂ, ਪ੍ਰੰਤੂ ਮੌਜੂਦਾ ਸਰਕਾਰ ਦੇ ਇਸ ਐਲਾਨ ਨੂੰ ਪੂਰਾ ਕਰਨਾ ਸੌਖਾ ਕੰਮ ਨਹੀਂ। ਪੰਜਾਬ ਸਰਕਾਰ ਦੇ 24 ਅਪ੍ਰੈਲ 1979 ਦੇ ਨੋਟੀਫਿਕੇਸ਼ਨ ਅਨੁਸਾਰ ਪੰਜਾਬ ਦੇ ਸਰਕਾਰੀ ਦਫ਼ਤਰਾਂ ਵਿੱਚ ਮਹਾਤਮਾ ਗਾਂਧੀ, ਰਾਸ਼ਟਰਪਤੀ, ਮੌਜੂਦਾ ਪ੍ਰਧਾਨ ਮੰਤਰੀ ਅਤੇ ਮੌਜੂਦਾ ਮੁੱਖ ਮੰਤਰੀ ਦੀਆਂ ਫੋਟੋ ਲਾਉਣ ਦਾ ਹੀ ਪ੍ਰਬੰਧ ਕੀਤਾ ਗਿਆ ਹੈ।

ਭਾਰਤੀ ਵਾਲਮਿਕਿ ਧਰਮ ਸਮਾਜ ਦੇ ਆਗੂ ਰਾਜ ਕੁਮਾਰ ਸਾਥੀ ਨੇ ਪੰਜਾਬ ਦੇ ਸਰਕਾਰੀ ਦਫ਼ਤਰਾਂ ਵਿੱਚ ਸੰਵਿਧਾਨ ਦੇ ਰਚਨਹਾਰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਫੋਟੋ ਲਾਉਣ ਲਈ ਅਪੀਲ ਕੀਤੀ ਸੀ ਤਾਂ ਇਸ ਦੇ ਜਵਾਬ ਵਿੱਚ ਸਰਕਾਰ ਦੇ ਜਨਰਲ ਪ੍ਰਸ਼ਾਸਨ ਵਿਭਾਗ (ਰਜਨੀਤੀ ਸ਼ਾਖਾ-1) ਨੇਏਦਾਂ ਹੀ ਦੱਸਿਆ ਸੀ। ਸਰਕਾਰ ਵੱਲੋਂ ਮਿਤੀ 27 ਜਨਵਰੀ 2020 ਨੂੰ ਭੇਜੇ ਪੱਤਰ ਵਿੱਚ ਦੱਸਿਆ ਗਿਆ ਕਿ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਦਫ਼ਤਰਾਂ ਵਿੱਚ ਭੀਮ ਰਾਓ ਅੰਬੇਡਕਰ ਦੀ ਤਸਵੀਰ ਲਾਉਣ ਦਾ ਕੋਈ ਨਿਯਮ ਨਹੀਂ ਹੈ। ਰਾਜਕੁਮਾਰ ਸਾਥੀ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਇਹ ਐਲਾਨ ਕਰ ਚੁੱਕੇ ਹਨ ਕਿ ਰਾਜ ਦੇ ਸਰਕਾਰੀ ਦਫ਼ਤਰਾਂ ਵਿੱਚ ਮੁੱਖ ਮੰਤਰੀ ਦੀ ਥਾਂ ਡਾ. ਭੀਮ ਰਾਓ ਅੰਬੇਡਕਰ ਤੇ ਸ਼ਹੀਦ ਭਗਤ ਸਿੰਘ ਦੀਆਂ ਫੋਟੋ ਲੱਗਣਗੀਆਂ, ਪ੍ਰੰਤੂ ਉਨ੍ਹਾਂ ਨੇ ਇਹ ਨਹੀਂ ਦੱਸਿਆ ਕਿ ਜਦ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਵਿੱਚ ਹੀ ਚਾਰ ਫੋਟੋ (ਮਹਾਤਮਾ ਗਾਂਧੀ, ਮੌਜੂਦਾ ਰਾਸ਼ਟਰਪਤੀ, ਮੌਜੂਦਾ ਪ੍ਰਧਾਨ ਮੰਤਰੀ ਤੇ ਮੌਜੂਦਾ ਮੁੱਖ ਮੰਤਰੀ) ਲਾਉਣ ਦਾ ਆਦੇਸ਼ ਹੈ ਤਾਂ ਬਾਬਾ ਸਾਹਿਬ ਅਤੇ ਸ਼ਹੀਦ-ਏ-ਆਜ਼ਮ ਦੀਆਂ ਫੋਟੋ ਕਿਵੇਂ ਲੱਗਣਗੀਆਂ।

## ਜਲਾਲਾਬਾਦ ਬੰਬ ਧਮਾਕੇ ਕੇਸ ਵਿੱਚ ਪਾਕਿ ਨਾਗਰਿਕ ਸਣੇ ਛੇ ਜਣਿਆਂ ਦੇ ਵਿਰੁੱਧ ਚਾਰਜਸ਼ੀਟ ਪੇਸ਼

ਨਵੀਂ ਦਿੱਲੀ, 16 ਮਾਰਚ (ਪੋਸਟ ਬਿਊਰੋ)- ਭਾਰਤ ਦੀ ਰਾਸ਼ਟਰੀ ਜਾਂਚ ਏਜੰਸੀ (ਐਨ ਆਈ ਏ) ਨੇ ਕੱਲ੍ਹ ਪੰਜਾਬ ਦੇ ਐਸ ਏ ਐਸ ਨਗਰ ਵਿੱਚ ਐਨ ਆਈ ਏ ਦੀ ਵਿਸ਼ੇਸ਼ ਅਦਾਲਤ ਵਿੱਚ ਪੰਜਾਬ ਦੇ ਜਲਾਲਾਬਾਦ ਬੰਬ ਧਮਾਕਾ ਕੇਸ ਵਿੱਚ ਇੱਕ ਪਾਕਿਸਤਾਨੀ ਸਮੇਤ ਛੇ ਖਾਲਿਸਤਾਨੀ ਕਾਰਕੁਨਾਂ ਖਿਲਾਫ ਦੋਸ਼ ਪੱਤਰ ਦਾਖਲ ਕੀਤਾ ਹੈ।



ਐਨ ਆਈ ਏ ਨੇ ਸੁਖਵਿੰਦਰ ਸਿੰਘ, ਪ੍ਰਵੀਨ ਸਿੰਘ, ਗੁਰਪ੍ਰੀਤ ਸਿੰਘ ਉਰਫ ਗੋਰਾ, ਰਣਜੀਤ ਸਿੰਘ, ਪਾਕਿਸਤਾਨੀ ਨਾਗਰਿਕ ਹਬੀਬ ਖਾਨ ਤੇ ਲਖਬੀਰ ਸਿੰਘ ਰੋਡੇ (ਪਾਕਿਸਤਾਨ ਵਿੱਚ ਰਹਿੰਦਾ ਖਾੜਕੂ) ਨੂੰ ਚਾਰਜਸ਼ੀਟ ਕੀਤਾ ਹੈ। ਉਨ੍ਹਾਂ ਦੇ ਖਿਲਾਫ ਧਮਾਕਾਖੇਜ਼ ਸਮੱਗਰੀ ਐਕਟ, ਨਾਰਕੋਟਿਕ ਡਰੱਗਸ ਐਂਡ ਸਾਇਕੋਟ੍ਰੋਫਿਕ ਸਬਸਟੈਂਸ ਐਕਟ, ਗੈਰ ਕਾਨੂੰਨੀ ਸਰਗਰਮੀਆਂ (ਰੋਕਥਾਮ) ਐਕਟ ਤੇ ਭਾਰਤੀ ਦੰਡਾਵਲੀ ਦੀ ਧਾਰਾ 120 ਬੀ ਦਾ ਦੋਸ਼ ਪੱਤਰ ਦਾਖਲ ਕੀਤਾ ਗਿਆ। ਇਹ ਕੇਸ ਫਾਜ਼ਿਲਕਾ ਕਸਬੇ ਵਿੱਚ 15 ਸਤੰਬਰ 2021 ਨੂੰ ਹੋਏ ਬੰਬ ਧਮਾਕੇ ਨਾਲ ਸਬੰਧਤ ਹੈ, ਜਿਸ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਸੀ। ਸ਼ੁਰੂ ਵਿੱਚ ਪੰਜਾਬ ਪੁਲਸ ਨੇ ਮਾਮਲਾ ਦਰਜ ਕੀਤਾ ਸੀ ਅਤੇ ਬਾਅਦ ਵਿੱਚ ਜਾਂਚ ਐਨ ਆਈ ਏ ਨੇ ਆਪਣੇ ਹੱਥਾਂ ਵਿੱਚ ਲੈ ਲਈ ਅਤੇ ਅਗਲੀ ਕਾਰਵਾਈ ਕਰ ਰਹੀ ਹੈ।

## ਡਾ. ਨਿੱਝਰ ਚੀਫ਼ ਖ਼ਾਲਸਾ ਦੀਵਾਨ ਦੇ ਕਾਰਜਕਾਰੀ ਪ੍ਰਧਾਨ ਚੁਣੇ ਗਏ

ਅੰਮ੍ਰਿਤਸਰ, 16 ਮਾਰਚ (ਪੋਸਟ ਬਿਊਰੋ)- ਪਿਛਲੇ ਦਿਨੀ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨਨਿਰਮਲ ਸਿੰਘ ਆਪਣੇ ਦੇ ਦੇਹਾਂਤ ਕਾਰਨ ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਝਰ ਨੂੰ ਸਰਬਸੰਮਤੀ ਨਾਲ ਇਸ ਦਾ ਕਾਰਜਕਾਰੀ ਪ੍ਰਧਾਨ ਥਾਪਿਆ ਗਿਆ ਹੈ। ਡਾ. ਨਿੱਝਰ ਨੇ ਅਹੁਦੇਦਾਰਾਂ, ਮੈਂਬਰਾਂ ਤੇ ਸਾਥੀਆਂ ਨਾਲ ਚੀਫ਼ ਖ਼ਾਲਸਾ ਦੀਵਾਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਨਵੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਣ ਹਿਤ ਅਕਾਲਪੁਰਖ ਅੱਗੇ ਅਰਦਾਸ ਕੀਤੀ। ਉਪਰੰਤ ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਅਜੀਤ ਸਿੰਘ ਬਸਰਾ ਅਤੇ ਹੋਰ ਸੱਜਣਾਂ ਨੇ ਇਸ ਮਾਮਲੇ ਵਿੱਚ ਉਨ੍ਹਾਂ ਲਈ ਸ਼ੁਭ ਇੱਛਾਵਾਂ ਦਿੱਤੀਆਂ ਹਨ।

ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਦੇ ਪੇਂਡੂ ਸਕੂਲਾਂ ਦਾ ਵਿਦਿਅਕ ਪੱਧਰ ਚੁੱਕਣ ਅਤੇ ਸਿੱਖੀ ਦੇ ਪ੍ਰਚਾਰਲਈ ਵਿਸ਼ੇਸ਼ ਯਤਨ ਕੀਤੇ ਜਾਣਗੇ। ਉਨ੍ਹਾਂ ਨੇ ਟੀਚਰਾਂ ਦੀ ਬਹੁਪੱਖੀ ਸਖ਼ਸੀਅਤ ਨੂੰ ਨਿਖਾਰਣ ਲਈ ਟੀਚਰ ਟਰਨਿੰਗ ਉੱਤੇ ਜੋਰ ਦਿੱਤਾ। ਮੀਤ ਪ੍ਰਧਾਨ ਅਮਰਜੀਤ ਸਿੰਘ ਬਾਂਗਾ ਨੂੰ ਨਵੇਂ ਆਫਿਸ ਵਿੱਚ ਦੀਵਾਨ ਦੇ ਕੰਮਕਾਜ ਨੂੰ ਦੇਖਣ ਲਈ ਚਾਰਜ ਦਿੱਤਾ ਗਿਆ ਹੈ।

## ਨਿਊ ਯਾਰਕ ਵਿੱਚ ਏਸ਼ੀਆਈ ਮੂਲ ਦੀ ਔਰਤ ਉੱਤੇ ਨਸਲੀ ਹਮਲਾ

### * 67 ਸਾਲਾ ਔਰਤ ਦੇ ਸਿਰ ਤੇ ਚਿਹਰੇ ਉੱਤੇ 125 ਵਾਰ ਕੀਤੇ



ਨਿਊ ਯਾਰਕ, 16 ਮਾਰਚ (ਪੋਸਟ ਬਿਊਰੋ)- ਅਮਰੀਕਾ ਵਿੱਚ ਇੱਕ ਏਸ਼ੀਆਈ ਮੂਲ ਦੀ ਔਰਤ ਨਸਲਵਾਦ ਕਾਰਨ ਮੌਤ ਨਾਲ ਜੂਝ ਰਹੀ ਹੈ। ਨਿਊ ਯਾਰਕ ਸ਼ਹਿਰ ਦੇ ਇੱਕ ਅਪਾਰਟਮੈਂਟ ਦੀ ਇਮਾਰਤ ਵਿੱਚ ਜਦੋਂ 67 ਸਾਲਾ ਬਜ਼ੁਰਗ ਔਰਤ ਵੜੀ ਅਤੇ ਘਰ ਦਾ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕੀਤੀ ਤਾਂ ਪਿੱਛੋਂ ਆ ਕੇ ਇੱਕ ਅਮਰੀਕੀ ਨੇ ਉਸ ਦੇ ਸਿਰ ਉੱਤੇ ਵਾਰ ਕੀਤਾ ਅਤੇ ਫਿਰ ਉਸ ਦੇ ਸਿਰ ਤੇ ਚਿਹਰੇ ਉੱਤੇ 125 ਵਾਰ ਕੀਤੇ।

ਇਸ ਹਮਲੇ ਦਾ ਕਾਰਨ ਇਹ ਸੀ ਕਿ ਔਰਤ ਏਸ਼ੀਆਈ ਹੈ ਤੇ ਹਮਲਾਵਰ ਨੂੰ ਏਸ਼ੀਆਈ ਲੋਕਾਂ ਦੇ ਨਾਲ ਨਫਰਤ ਹੈ। ਵੈਸਟਚੈਸਟਰ ਕਾਊਂਟੀ ਡਿਸਟ੍ਰਿਕਟ ਦੇ ਅਟਾਰਨੀ ਤੇ ਪੁਲਸ ਨੇ ਇਸ ਹਮਲਾਵਰ ਦੀ ਪਛਾਣ ਨਿਊ ਯਾਰਕ ਦੇ ਵਾਸੀ ਅਮਰੀਕੀ ਟੈਮੇਲ ਐਸਕੋ (42) ਵਜੋਂ ਕੀਤੀ ਹੈ। ਐਸਕੋ ਨੇ ਬਜ਼ੁਰਗ ਔਰਤ ਉੱਤੇ ਇੰਨੀ ਜ਼ੋਰ ਨਾਲ ਵਾਰ ਕੀਤਾ ਕਿ ਉਹ ਜ਼ਮੀਨ ਉੱਤੇ ਡਿੱਗ ਪਈ। ਜਦੋਂ ਉਹ ਹੇਠਾਂ ਡਿੱਗੀ, ਹਮਲਾਵਰ ਨੇ ਉਸ ਦੇ ਚਿਹਰੇ ਉੱਤੇ ਦੋਵਾਂ ਹੱਥਾਂ ਨਾਲ ਕਰੀਬ 125 ਮੁੱਕੇ ਮਾਰੇ। ਫਿਰ ਵੀ ਉਸ ਦਾ ਮਨ ਨਹੀਂ ਭਰਿਆ ਤਾਂ ਟੱਪਕੇ ਔਰਤ ਦੇ ਉਪਰ ਖੜ੍ਹਾ ਹੋ ਗਿਆ ਅਤੇ ਅਗਲੇ ਕੁਝ ਮਿੰਟਾਂ ਤਕ ਪੀੜਤਾ ਨੂੰ ਆਪਣੇ ਪੈਰਾਂ ਨਾਲ ਕੁਚਲਿਆ। ਉਸ ਤੋਂ ਬਾਅਦ ਉਹ ਉਸ ਉੱਤੇ ਥੁੱਕ ਕੇ ਚਲਾ ਗਿਆ।ਇਹ ਨਫਰਤੀ ਹਮਲਾ ਇਮਾਰਤ ਦੇ ਸਕਿਓਰਿਟੀ ਕੈਮਰੇ ਵਿਚ ਰਿਕਾਰਡ ਹੋ ਗਿਆ। ਏਸ਼ੀਆਈ ਮੂਲ ਦੀ ਔਰਤ ਦੇ ਪਿੱਛੇ ਆ ਕੇ ਉਸ ਨੇ ਪਹਿਲਾਂ ਹਮਲਾਵਰ ਨੇ ਉਸ ਨੂੰ ਅਪਸ਼ਬਦ ਕਹੇ, ਪਰ ਔਰਤ ਨੇ ਉਸ ਨੂੰ ਨਜ਼ਰਅੰਦਾਜ਼ ਕਰ ਦਿੱਤਾ। ਉਸ ਤੋਂ ਬਾਅਦ ਹਮਲਾਵਰ ਉਸ ਉੱਤੇ ਅੰਨ੍ਹੇਵਾਹ ਵਾਰ ਕਰਨ ਲੱਗਾ। ਐਸਕੋ ਨੂੰ ਵੈਸਟਚੈਸਟਰ ਕਾਊਂਟੀ ਜੇਲ੍ਹ ਵਿੱਚ ਬਿਨਾਂ ਜ਼ਮਾਨਤ ਦੇ ਭੇਜ ਦਿੱਤਾ ਗਿਆ ਹੈ। ਉਸ ਨੂੰ ਪਹਿਲਾਂ ਵੀ ਵੱਖ-ਵੱਖ ਕੇਸਾਂ ਵਿੱਚ 14 ਵਾਰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ।

## ਵਿਧਾਨ ਸਭਾ ਚੋਣਾਂ ਵਿਚ ਸੰਗਰੂਰ ਵਿੱਚ ਛੋਟੀ ਜਿਹੀ ਕੁੜੀ ਨੇ ਕਾਂਗਰਸੀ ਥੰਮ੍ਹ ਡੇਗਿਆ

ਸੰਗਰੂਰ, 16 ਮਾਰਚ (ਪੋਸਟ ਬਿਊਰੋ)- ਕਾਂਗਰਸ ਪਾਰਟੀ ਦੇ ਵੱਡੇ ਥੰਮ੍ਹਾਂ ਵਿੱਚੋਂ ਇੱਕ ਕੈਬਨਿਟ ਮੰਤਰੀ ਵਿਜੈਇੰਦਰ ਸਿੰਗਲਾ ਨੂੰ ਸੰਗਰੂਰ ਅਸੈਂਬਲੀ ਹਲਕੇ ਤੋਂ ਸਿਆਸੀ ਪਟਕਾ ਦੇਣ ਵਾਲੀ ਆਮ ਆਦਮੀ ਪਾਰਟੀ ਦੀ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਆਪਣੀ ਚੋਣ ਮੁਹਿੰਮ ਸਕੂਟੀ ਉੱਤੇ ਚਲਾਈ ਸੀ। ਭਵਿੱਖ ਵਿੱਚ ਵੀ ਉਹ ਇਸੇ ਸਕੂਟੀ ਉੱਤੇ ਬਿਨਾਂ ਕਿਸੇ ਸੁਰੱਖਿਆ ਅਮਲੇ ਦੇ ਆਪਣੇ ਹਲਕੇ ਦਾ ਦੌਰਾ ਕਰਿਆ ਕਰੇਗੀ।

ਨਰਿੰਦਰ ਕੌਰ ਭਰਾਜ ਦੇ ਸਿਆਸੀ ਵਿਰੋਧੀ ਉਸ ਨੂੰ ਛੋਟੀ ਜਿਹੀ ਕੁੜੀ ਆਖਦੇ ਹਨ।ਵਿਜੇਇੰਦਰ ਸਿੰਗਲਾ ਨੂੰ 36,430 ਵੋਟਾਂ ਦੇ ਫਰਕ ਨਾਲ ਹਰਾਉਣ ਵਾਲੀ ਇਸ ਕੁੜੀਅ ਨੇ ਕਿਹਾ ਕਿ ਚੋਣ ਨਤੀਜਿਆਂ ਤੇ ਜਿੱਤ ਦੇ ਐਲਾਨ ਮਗਰੋਂ ਵੀ ਮੈਂ ਬਾਜ਼ਾਰ ਤੋਂ ਸ਼ਾਪਿੰਗ ਲਈ ਆਪਣੀ ਮਾਂ ਨਾਲ ਇਸੇ ਸਕੂਟੀ ਉੱਤੇ ਜਾਂਦੀ ਹਾਂ। ਚੋਣ ਦੌਰਾਨ ਮੈਂ ਆਪਣੇ ਸਮੱਰਥਕਾਂ ਦੀ ਕਾਰ ਵੀ ਵਰਤੀ, ਪਰ ਮੇਰੀ ਪਹਿਲ ਸਕੂਟੀ ਰਹੀ ਹੈ।"

ਕਿਸਾਨ ਪਰਵਾਰ ਨਾਲ ਸਬੰਧਤ ਨਰਿੰਦਰ ਕੌਰ ਭਰਾਜ ਨੇ ਐਲ ਐਲ ਬੀ ਕੀਤੀ ਹੋਈ ਹੈ। ਉਸ ਦਾ ਪਿੰਡ ਭਰਾਜ ਹੈ ਅਤੇ ਸਾਲ 2014 ਦੀਆਂ ਲੋਕ ਸਭਾ ਚੋਣਾਂ ਮੌਕੇ ਸਿਆਸੀ ਵਿਰੋਧੀਆਂ ਦੇ ਡਰ ਕਾਰਨ ਲੋਕਾਂ ਨੇ ਆਮ ਆਦਮੀ ਪਾਰਟੀ ਨਾਲੋਂ ਜਦੋਂ ਦੂਰੀ ਬਣਾ ਲਈ ਤਾਂ ਨਰਿੰਦਰ ਕੌਰ ਭਰਾਜ ਨੇ ਹੀ ਪਿੰਡ ਵਿੱਚ ਪਾਰਟੀ ਦਾ ਚੋਣ ਬੂਥ ਲਾਇਆ ਸੀ।ਭਰਾਜ ਨੇ



ਕਿਹਾ, "ਮੈਂ ਮੱਧਵਰਗੀ ਪਰਵਾਰ ਵਿੱਚੋਂ ਹਾਂ ਤੇ ਮੈਨੂੰ ਇਸ ਵਰਗ ਦੀਆਂ ਮੁਸ਼ਕਲਾਂ ਦਾ ਪਤਾ ਹੈ। ਮੈਂ ਬੱਸਾਂ ਤੇ ਆਟੋ ਵਿੱਚ ਵੀ ਸਫਰ ਕੀਤਾ ਹੈ। ਸਾਈਕਲ ਵੀ ਚਲਾਇਆ ਹੈ। ਮੇਰੇ ਵਿਰੋਧੀ ਮੈਨੂੰ ਚੋਟੀ ਜਿਹੀ ਕੁੜੀ ਕਹਿੰਦੇ ਹਨ। ਅੱਜ ਮੈਂ ਉਨ੍ਹਾਂ ਸਾਰਿਆਂ ਨੂੰ ਦੱਸਣਾ ਚਾਹੁੰਦੀ ਹਾਂ ਕਿ ਉਮਰ ਨਾਲ ਕੋਈ ਫਰਕ ਨਹੀਂ ਪੈਂਦਾ, ਇਰਾਦਾ ਨੇਕ ਤੇ ਮਜ਼ਬੂਤ ਹੋਣਾ ਚਾਹੀਦਾ ਹੈ। ਉਨ੍ਹਾਂ ਦੀ ਨੀਤ ਵਿੱਚ ਖੋਟ ਸੀ, ਲੋਕਾਂ ਨੇ ਉਨ੍ਹਾਂ ਨੂੰ ਰੱਦ ਕਰ ਦਿੱਤਾ।"

ਨਰਿੰਦਰ ਕੌਰ ਭਰਾਜ 2014 ਤੋਂ ਆਮ ਆਦਮੀ ਪਾਰਟੀ ਲਈ ਕੰਮ ਕਰ ਰਹੀ ਹੈ ਅਤੇ ਉਹ ਪਾਰਟੀ ਦੇ ਕਈ ਆਗੂਆਂ ਦੇ ਨੋਟਿਸ ਵਿੱਚ ਸੀ, ਪਰ ਉਸ ਨੇ ਕਦੇ ਟਿਕਟ ਨਹੀਂ ਸੀ ਮੰਗੀ। ਉਸ ਨੇ ਕਿਹਾ, "ਮੇਰਾ ਟੀਚਾ ਦੱਬੇ ਕੁਚਲਿਆਂ ਤੇ ਕਮਜ਼ੋਰ ਤਬਕੇ ਦੀ ਆਵਾਜ਼ ਪ੍ਰਭਾਵਸ਼ਾਲੀ ਢੰਗ ਨਾਲ ਚੁੱਕਣਾ ਹੈ। ਵਿਧਾਇਕਾ ਬਣਨ ਮਗਰੋਂ ਮੈਨੂੰ ਪੂਰਾ ਵਿਸ਼ਵਾਸ ਹੈ ਕਿ ਮੈਂ ਹੋਰ ਕਾਰਗਰ ਢੰਗ ਨਾਲ ਕੰਮ ਕਰਾਂਗੀ। ਮੈਂ ਸੰਗਰੂਰ ਵਿੱਚ ਸਿਰਫ ਕਮਿਸ਼ਨ ਦੀ ਰਾਜਨੀਤੀ ਦੇਖੀ ਹੈ ਕਿਉਂਕਿ ਵੱਖ-ਵੱਖ ਪਾਰਟੀਆਂ ਦੇ ਆਗੂ ਸਰਕਾਰੀ ਪ੍ਰੋਜੈਕਟਾਂ ਵਿੱਚੋਂ ਕਮਿਸ਼ਨ ਖਾਂਦੇ ਰਹੇ ਹਨ।"

### 9 ਮਾਰਚ ਦਾ ਮਿਜ਼ਾਈਲ ਹਾਦਸਾ

## ਭਾਰਤ ਉਤੇ ਪਾਕਿਸਤਾਨ ਜਵਾਬੀ ਹਮਲਾ ਕਰਨ ਵਾਲਾ ਸੀ

ਇਸਲਾਮਾਬਾਦ, 16 ਮਾਰਚ (ਪੋਸਟ ਬਿਊਰੋ)- ਬੀਤੀ 9 ਮਾਰਚ ਨੂੰ ਭਾਰਤ ਦੀ ਇੱਕ ਅਨ-ਆਰਮਡ ਮਿਜ਼ਾਈਲ ਗਲਤੀ ਨਾਲ ਚੱਲੀ ਤੇ ਪਾਕਿਸਤਾਨ ਵਿਚ 124 ਕਿਲੋਮੀਟਰ ਅੰਦਰ ਜਾ ਕੇ ਮੀਆਂ ਚੰਨੂ ਇਲਾਕੇ ਵਿਚ ਡਿੱਗੀ ਸੀ।

ਸ਼ੁਰੂ ਵਿਚ ਪਾਕਿਸਤਾਨੀ ਫੌਜ ਨੇ ਇਸ ਨੂੰ ਭਾਰਤ ਦਾ ਹਮਲਾ ਸਮਝ ਕੇ ਜਵਾਬੀ ਮਿਜ਼ਾਇਲ ਦਾਗਣ ਦੀ ਤਿਆਰੀ ਕਰ ਲਈ, ਪਰ ਸਮਾਂ ਰਹਿੰਦਿਆਂ ਉਸ ਨੇ ਇਰਾਦਾ ਬਦਲ ਦਿੱਤਾ।ਇਸਦੇ ਦੋ ਕਾਰਨ ਸਨ। ਪਹਿਲਾ: ਮਿਜ਼ਾਈਲ ਉੱਤੇ ਕੋਈ ਵਾਰਹੈਡ ਯਾਨੀ ਹਥਿਆਰ ਨਹੀਂ ਸੀ। ਦੂਜਾ: ਪਹਿਲੀ ਨਜ਼ਰ ਵਿੱਚ ਇਹ ਲੱਗਦਾ ਸੀ ਕਿ ਇਹ ਜਾਣ-ਬੁੱਝਕੇ ਫਾਇਰ ਨਹੀਂ ਕੀਤੀ ਗਈ। ਖਾਸ ਗੱਲ ਇਹ ਕਿ ਏਦਾਂ ਦੇ ਹਾਲਾਤ ਨਾਲ ਨਜਿੱਠਣ ਲਈ ਦੋਵਾਂ



ਦੇਸ਼ਾਂ ਕੋਲ ਹਾਟਲਾਈਨ ਮੌਜੂਦ ਹੈ ਪਰ ਮੀਡੀਆ ਰਿਪੋਰਟ ਵਿਚਕਿਹਾ ਗਿਆ ਹੈ ਕਿ ਭਾਰਤ ਨੇ ਹਾਟਲਾਈਨ ਉੱਤੇ ਵੀ ਪਾਕਿਸਤਾਨ ਨੂੰ ਇਸ ਦੀ ਜਾਣਕਾਰੀ ਨਹੀਂ ਦਿੱਤੀ। ਪਾਕਿਸਤਾਨ ਇਸ ਗੱਲ ਉੱਤੇ ਹੈਰਾਨ ਹੈ ਕਿ ਭਾਰਤ ਨੇ ਇਸ ਹਾਟਲਾਈਨ ਦੀ ਵਰਤੋਂ ਕਿਉਂ ਨਹੀਂ ਕੀਤੀ? ਰਿਪੋਰਟ ਵਿਚਕਿਹਾ ਗਿਆ ਹੈ ਕਿ ਭਾਰਤ ਨੇ ਹਾਟਲਾਈਨ ਉੱਤੇ ਗੱਲ ਕਰਨ ਦੀ ਬਜਾਏ ਕੁਝ ਦੇਰ ਲਈ ਮਿਜ਼ਾਈਲ ਸਿਸਟਮ ਹੀ ਬੰਦ ਕਰ ਦਿੱਤਾ ਤਾਂ ਕਿ ਕਿਸੇ ਹੋਰ ਮਿਜ਼ਾਈਲ ਦਾ ਗਲਤੀ ਨਾਲ ਫਾਇਰ ਨਾ ਹੋ ਜਾਵੇ।ਪਾਕਿਸਤਾਨ ਦੇ ਵਿਦੇਸ਼ ਮੰਤਰੀ ਸ਼ਾਹ ਮਹਿਮੂਦ ਕੁਰੈਸ਼ੀ ਨੇ ਭਾਰਤ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ ਵੱਲੋਂ ਪਾਰਲੀਮੈਂਟਵਿਚ ਦਿੱਤੇ ਜਵਾਬ ਨੂੰ ਅਧੂਰਾ ਅਤੇ ਗੈਰ-ਲੋੜੀਂਦਾ ਦੱਸ ਕੇ ਰੱਦ ਕਰ ਦਿੱਤਾ ਅਤੇ ਇੱਕ ਵਾਰ ਫਿਰ ਘਟਨਾ ਦੀ ਸਾਂਝੀ ਜਾਂਚ ਦੀ ਮੰਗ ਕੀਤੀ ਹੈ।ਉਧਰ ਭਾਰਤ ਦਾ ਸਮਰਥਨ ਕਰਦੇ ਹੋਏ ਅਮਰੀਕੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਭਾਰਤ ਵੱਲੋਂ ਪਾਕਿ ਵਿਚ ਡਿੱਗੀ ਮਿਜ਼ਾਈਲ ਦੇ ਹਾਦਸੇ ਕਾਰਨ ਚੱਲਣ ਤੋਂ ਇਲਾਵਾ ਕੋਈ ਕਾਰਨ ਨਜ਼ਰ ਨਹੀਂ ਆਉਂਦਾ।

## ਸਮੁੰਦਰੀ ਇਲਾਕੇ ਡੁੱਬ ਜਾਣਗੇ,ਚਾਰ ਕਰੋੜ ਲੋਕਾਂ ਉੱਤੇ ਖਤਰਾ

### * ਆਈ ਪੀ ਸੀ ਸੀ ਦੀ ਤਾਜ਼ਾ ਰਿਪੋਰਟ ਵਿਚ ਆਇਆ ਸਾਹਮਣੇ

ਨਵੀਂ ਦਿੱਲੀ, 16 ਮਾਰਚ (ਪੋਸਟ ਬਿਊਰੋ)- ਹਿੰਦ ਮਹਾਸਾਗਰ ਤੋਂ ਤਿੰਨ ਪਾਸਿਓਂ ਘਿਰੇ ਹੋਏ ਭਾਰਤ ਦੇ ਵਿੱਚ ਜਲਵਾਯੂ ਪਰਿਵਰਤਨ ਤਬਾਹੀ ਵੀ ਮਚਾ ਸਕਦਾ ਹੈ। ਯੂ ਐੱਨ ਓ ਦੇ ਜਲਵਾਯੂ ਪਰਿਵਤਨਬਾਰੇ ਇੰਟਰ ਗਵਰਨਮੈਂਟ ਪੈਨਲ ਆਨ ਕਲਾਈਮੇਟ ਚੇਂਜ ਦੀ ਤਾਜ਼ਾ ਰਿਪੋਰਟ ਵਿੱਚ ਭਾਰਤ ਲਈ ਕਈ ਚਿੰਤਾ ਵਾਲੇ ਸਬੂਤ ਪਤਾ ਲੱਗੇ ਹਨ।

ਇਸ ਰਿਪੋਰਟ ਮੁਤਾਬਕ ਭਾਰਤ ਅਜਿਹਾ ਦੇਸ਼ ਹੈ, ਜੋ ਜਲਵਾਯੂ ਪਰਿਵਰਤਨ ਨਾਲ ਸਭ ਤੋਂ ਵੱਧ ਆਰਥਿਕ ਪੱਖੋਂ ਪ੍ਰਭਾਵਤ ਹੈ। ਇਹੀ ਨਹੀਂ, ਸਦੀ ਦੇ ਅਖੀਰ ਤਕ ਭਾਰਤ ਵਿੱਚ ਸਾਢੇ ਚਾਰ ਤੋਂ ਪੰਜ ਕਰੋੜ ਲੋਕ ਖਤਰੇ ਵਿੱਚ ਹੋਣਗੇ, ਮੁੰਬਈ, ਚੇਨਈ, ਗੋਆ ਆਦਿ ਥਾਵਾਂ ਉੱਤੇ ਸਮੁੰਦਰੀ ਇਲਾਕੇ ਸਮੁੰਦਰ ਡੁੱਬ ਸਕਦੇ ਹਨ। ਆਈ ਪੀ ਸੀ ਸੀ ਦੀ ਰਿਪੋਰਟ ਮੁਤਾਬਕ ਗਲੋਬਲ ਵਾਰਮਿੰਗ ਨਾਲ ਸਮੁੰਦਰ ਦਾ ਪੱਧਰ ਵਧ ਰਿਹਾ ਹੈ। ਭਾਰਤ ਤਿੰਨ ਪਾਸਿਓਂ ਸਮੁੰਦਰ ਵਿੱਚ ਘਿਰਿਆ ਹੈ।ਇਸ ਦਾ ਸਮੁੰਦਰ ਤਟ 7516.6 ਕਿਲੋਮੀਟਰ ਲੰਬਾ ਹੈ। ਇਸ ਲਈ ਭਾਰਤ ਆਪਣੀ ਜਨਸੰਖਿਆ ਕਾਰਨ ਸਮੁੰਦਰ ਪੱਧਰ ਵਿੱਚ ਵਾਧੇ ਤੋਂ ਪ੍ਰਭਾਵਤ ਹੋਣ ਵਾਲੇ ਦੇਸ਼ਾਂ ਵਿੱਚ ਸਭ ਤੋਂ ਖਰਾਬ ਸਥਿਤੀ ਵਿੱਚ ਹੈ।ਇਹੀ ਹਾਲ ਰਿਹਾ ਤਾਂ ਦੇਸ਼ ਦੇ ਸਮੁੰਦਰੀ ਕੰਢੇ ਵਸੇ ਸ਼ਹਿਰਾਂ ਮੁੰਬਈ, ਚੇਨਈ, ਗੋਆ, ਵਿਸ਼ਾਖਾਪਟਨਮ, ਉੜੀਸਾ ਵਿੱਚ ਵਧਦੇ ਸਮੁੰਦਰੀ ਪਾਣੀ ਦੇ ਪੱਧਰ ਤੋਂ ਹੇਠਲੇ ਇਲਾਕੇ ਡੁੱਬ ਜਾਣਗੇ। ਇਨ੍ਹਾਂ ਸ਼ਹਿਰਾਂ ਵਿੱਚ ਸਮੁੰਦਰ ਦੇ 0.8 ਡਿਗਰੀ ਗਰਮ ਹੋ ਜਾਣ ਨਾਲ ਚੱਕਰਵਾਤਾਂ ਦੇ ਆਉਣ ਦੀ ਦਰ ਵਧਣ ਅਤੇ ਉਨ੍ਹਾਂ ਦੀ ਤੀਬਰਤਾ ਵਧਣ ਨਾਲ ਉਹ ਉਗਰ ਹੋ ਕੇ ਵਾਰ-ਵਾਰ ਆਉਣ ਲੱਗੇ ਹਨ।

## ਸ਼੍ਰੋਮਣੀ ਕਮੇਟੀ ਵੱਲੋਂ ਕੈਲੰਡਰ ਜਾਰੀ ਕਰਨ ਕਰ ਕੇ ਜਥੇਦਾਰਾਂ ਮੂਹਰੇ ਸਵਾਲ ਉੱਠੇ

ਕੋਟਕਪੂਰਾ, 16 ਮਾਰਚ (ਪੋਸਟ ਬਿਊਰੋ)- ਪਿਛਲੇ ਦਿਨੀਂ ਤਖ਼ਤਾਂ ਦੇ ਜਥੇਦਾਰਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਛਾਪੇ ਗਏ ਕੈਲੰਡਰ ਨੂੰ ਜਾਰੀ ਕੀਤਾ ਤਾਂ ਇਸ ਮੌਕੇ ਸਿੱਖ ਕੌਮ ਨੂੰ ਨਵੇਂ ਸਾਲ ਦੀ ਵਧਾਈ ਦੇਣ ਦੇ ਨਾਲ ਗੁਰਪੁਰਬ ਤੇ ਹੋਰ ਇਤਿਹਾਸਕ ਦਿਹਾੜੇ ਇਸੇ ਕੈਲੰਡਰ ਅਨੁਸਾਰ ਮਨਾਉਣ ਦੇ ਆਦੇਸ਼ ਦਿੱਤੇ ਸਨ। ਇਹ ਆਦੇਸ਼ ਕਈ ਕਾਰਨਾਂ ਕਰ ਕੇ ਪੰਥਕ ਹਲਕਿਆਂ ਨੂੰ ਹਜ਼ਮ ਨਹੀਂ ਹੋ ਰਹੇ।

ਪ੍ਰਵਾਸੀ ਭਾਰਤੀ, ਸਿੱਖ ਚਿੰਤਕ ਤੇ ਪੰਥਕ ਵਿਦਵਾਨ ਸਰਬਜੀਤ ਸਿੰਘ ਸੈਕਰਾਮੈਂਟੋ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਲਿਖੇ ਪੱਤਰ ਵਿੱਚ ਕਿਹਾ ਹੈ ਕਿ ਤਖ਼ਤਾਂ ਦੇ ਜਥੇਦਾਰਾਂ ਵੱਲੋਂ ਪਿਛਲੇ ਸਾਲ ਜਾਰੀ ਕੀਤੇ ਕੈਲੰਡਰ ਤੇ ਇਸ ਸਾਲ ਵਾਲੇ ਕੈਲੰਡਰਾਂ ਨੂੰ ਮਿਲਾ ਕੇ ਦੇਖਣ ਨਾਲ ਹੈਰਾਨੀ ਹੋਣੀ ਸੁਭਾਵਕ ਹੈ ਕਿ ਦੋਵੇਂ ਸਾਲ ਦੇ ਕੈਲੰਡਰਾਂ ਦਾ ਆਰੰਭ ਇੱਕ ਚੇਤ ਤੋਂ ਹੁੰਦਾ ਹੈ, ਪਰ ਤਿੰਨ ਮਹੀਨਿਆਂ (ਵੈਸਾਖ, ਭਾਦੋਂ, ਅੱਸੂ) ਦੀ ਸੰਗਰਾਂਦ ਇੱਕ ਦਿਨ ਪਛੜ ਕੇ ਹੋ ਰਹੀ ਹੈ ਤੇ ਸੱਤ ਮਹੀਨਿਆਂ ਦੇ ਦਿਨਾਂ ਦੀ ਗਿਣਤੀ ਪਿਛਲੇ ਸਾਲ ਦੇ ਦਿਨਾਂ ਦੀ ਗਿਣਤੀ ਨਾਲ ਮੇਲ ਨਹੀਂ ਖਾਂਦੀ। ਇਸੇ ਤਰ੍ਹਾਂ ਬਾਕੀ ਗੁਰਪੁਰਬਾਂ ਤੇ ਇਤਿਹਾਸਕ ਦਿਹਾੜਿਆਂ ਦਾ ਭੰਬਲਭੂਸਾ ਕਾਇਮ ਹੈ। ਅਕਾਲ ਤਖ਼ਤ ਸਾਹਿਬ ਦੇ ਸਿਰਜਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਪ੍ਰਕਾਸ਼ ਦਿਹਾੜੇ ਬਾਰੇ ਸ਼੍ਰੋਮਣੀ ਕਮੇਟੀ ਦੀ ਵੈਬਸਾਈਟ ਉੱਤੇ 21 ਹਾੜ ਦਰਜ ਹੈ, ਭਾਵੇਂ ਅਕਾਲ ਤਖ਼ਤ ਸਾਹਿਬ ਦੀ ਸਿਰ-ਜਣਾ ਦਾ ਦਿਹਾੜਾ ਹਰ ਸਾਲ 18 ਹਾੜ ਨੂੰ ਮਨਾਉਣ ਦਾ ਮੌਕਾ ਹਰ ਸਾਲ ਕਿਉਂ ਬਦਲ ਜਾਂਦਾ ਹੈ? ਸਰਬਜੀਤ ਸਿੰਘ ਸੈਕਰਾਮੈਂਟੋ ਦੇ ਮੁਤਾਬਕ ਸੰਮਤ 552 ਦੇ ਕੈਲੰਡਰ ਵਿੱਚ ਮੀਰੀ-ਪੀਰੀ ਦਾ ਦਿਹਾੜਾ 17 ਹਾੜ ਦਰਜ ਹੈ, ਪਰ ਥੜੇ ਦੀ ਉਸਾਰੀ 18 ਹਾੜ ਨੂੰ ਹੁੰਦੀ ਹੈ, ਕੀ ਇਹ ਇਤਿਹਾਸ ਨਾਲ ਖਿਲਵਾੜ ਨਹੀਂ?

ਸਾਲ 2019 ਵਿੱਚ ਕੌਮਾਂਤਰੀ ਨਗਰ ਕੀਰਤਨ ਦੇ ਸਬੰਧ ਵਿੱਚ ਪਾਕਿ-ਸਤਾਨ ਗਏ ਗਿਆਨੀ ਹਰਪ੍ਰੀਤ ਸਿੰਘ ਨੂੰ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਕੀਤਾ ਵਾਅਦਾ ਯਾਦ ਕਰਾਉਂਦਿਆਂ ਸਰਬਜੀਤ ਸਿੰਘ ਸੈਕਰਾਮੈਂਟੋ ਨੇ ਦੱਸਿਆ ਕਿ ਤੁਸੀਂ ਅਗਲੇ ਸਾਲ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਨ ਇਕੱਠੇ ਅਰਥਾਤ ਮੂਲ ਨਾਨਕਸ਼ਾਹੀ ਕੈਲੰਡਰ ਮੁਤਾਬਕ ਮਨਾਉਣ ਦਾ ਵਾਅਦਾ ਕੀਤਾ ਸੀ, ਪਰ ਉਸ ਤੋਂ ਬਾਅਦ ਤੁਹਾਡੇ ਜਾਰੀ ਕੀਤੇ ਗਏ ਤਿੰਨ ਕੈਲੰਡਰਾਂ ਵਿੱਚ ਸ਼ਹੀਦੀ ਦਿਹਾੜੇ ਇਕੱਠੇ ਮਨਾਉਣ ਦਾ ਕੋਈ ਯਤਨ ਦਿਖਾਈ ਨਹੀਂ ਦਿੱਤਾ, ਜਿਸ ਤੋਂ ਸਾਫ ਹੈ ਕਿ ਤੁਸੀਂ ਸਿਆਸੀ ਲੀਡਰਾਂ ਵਾਂਗੂ ਮੌਕੇ ਮੁਤਾ-ਬਕ ਹੀ ਝੂਠਾ ਵਾਅਦਾ ਕਰ ਗਏ ਹੋ।

Steinmetz & Associates
PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?
ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੋ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੌਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust
You only pay upon settlement
GURSHARAN BOBBY SIDHU
647.539.3020
1450 Meyerside Drive, Suite 308, Mississauga
2 OFFICES TO SERVE YOU
55 St. Clair Ave., West, Toronto
email: bsidhu@steinmetzlawyers.ca website: www.steinmetzlawyers.ca

ਕੀ ਤੁਸੀਂ ਕਰਜ਼ੇ ਵਿੱਚ ਹੋ?
ਕੀ ਤੁਸੀਂ ਕਲੈਕਸ਼ਨ ਕਾਲ ਤੋਂ ਅੱਕ ਚੁੱਕੇ ਹੋ?



BOOK YOUR FREE CONSULTATION
ਹੁਣ ਘਬਰਾਉਣ ਦੀ ਜ਼ਰੂਰਤ ਨਹੀਂ
ਹੁਣ ਗੋਮਾ ਸੰਧੂ ਕਰਨਗੇ ਤੁਹਾਡੇ ਕਰੈਡਿਟ ਕਾਰਡ, ਲੋਨ ਤੇ ਟੈਕਸ ਦੇ ਕਰਜ਼ੇ ਦਾ ਹੱਲ ਤੇ ਤੁਹਾਡੇ ਕਰਜ਼ੇ ਦਾ ਲਗਭਗ 75% ਘਟਾਉਣ ਵਿੱਚ ਮਦਦ ਕਰਨਗੇ



ਜੇਕਰ ਤੁਸੀਂ ਸੂ ਹੋ ਚੁੱਕੇ ਹੋ ਤੇ ਤੁਸੀਂ ਘਰ ਤੇ ਲੀਨ ਪੈਣ ,ਵੇਜ ਗਾਰਨੀਸ਼ਮੈਂਟ ਅਤੇ ਬੈਂਕ ਅਕਾਊਂਟ ਨੂੰ ਫ੍ਰੀਜ਼ ਹੋਣ ਤੋਂ ਬਚਾਉਣਾ ਚਾਉਂਦੇ ਹੋ ,ਅਤੇ ਤੁਸੀਂ ਆਪਣੀ ਕਾਰ ਤੇ ਟਰੱਕ ਦੀ ਕਿਸ਼ਤ ਨਹੀਂ ਦਿੱਤੀ ਤੇ ਤੁਹਾਡਾ ਐਸੇਟ ਸਰਨਡਰ ਹੋ ਗਿਆ ਹੈ ਤਾ
ਹੁਣ ਹੀ ਮੁਫਤ ਸਲਾਹ ਲਈ ਕਾਲ ਕਰੋ ਗੋਮਾ ਸੰਧੂ 4167316382

-Collection Calls
-Personal Taxes
-GST/HST
-Credit Card Debts
-Personal Loans
-Pay Day Loans
-Student Loans
-Wage Garnishment
-Writ on your property
-Frozen Bank Accounts

CONTACT US:
Goma Sandhu
(416)-731-6382
gomasandhu@hotmail.com

WE HELP...
-Save your Assets
-Avoid Bankruptcy
-Small monthly payments
-Rebuild your credit

YOUR DEBT $ MY SOLUTION

# ਵਲਾਦੀਮੀਰ ਪੁਤਿਨ ਨੂੰ ਪਾਗਲ ਦੱਸਣ ਵਾਲੀ ਰੂਸੀ ਮਾਡਲ ਦਾ ਕਤਲ



ਮਾਸਕੋ, 16 ਮਾਰਚ (ਪੋਸਟ ਬਿਊਰੋ)- ਯੂਕਰੇਨ-ਰੂਸ ਜੰਗ ਵਿੱਚ ਪੁਤਿਨ ਨੂੰ ਪਾਗਲ ਕਹਿਣ ਵਾਲੀ ਰੂਸੀ ਮਾਡਲ ਗ੍ਰੇਟ ਵੇਲਡਰ ਦੀ ਲਾਸ਼ ਸੂਟਕੇਸ ਵਿੱਚੋਂ ਮਿਲੀ ਹੈ। ਵੇਲਡਰ ਪੁਤਿਨ ਖ਼ਿਲਾਫ਼ ਪੋਸਟ ਲਿਖਣ ਤੋਂ ਬਾਅਦ ਲਾਪਤਾ ਸੀ। ਵੇਲਡਰ ਦੇ ਕਤਲ ਦੀ ਜ਼ਿੰਮੇਵਾਰੀ ਉਸ ਦੇ ਸਾਬਕਾ ਪ੍ਰੇਮੀ ਨੇ ਲਈ ਹੈ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਰਿਪੋਰਟ ਮੁਤਾਬਕ 23 ਸਾਲ ਦੀ ਰੂਸੀ ਮਾਡਲ ਨੇ ਜਨਵਰੀ 2021 ਵਿੱਚ ਸੋਸ਼ਲ ਮੀਡੀਆ ਉੱਤੇ ਪੋਸਟ ਪਾਈ ਸੀ, ਜਿਸ ਵਿਚ ਉਸ ਨੇ ਪੁਤਿਨ ਨੂੰ ਮਨੋਰੋਗੀ ਤੇ ਇੱਛਾਵਾਦੀ ਕਿਹਾ ਸੀ। ਇਸ ਤੋਂ ਬਾਅਦ ਤੋਂ ਉਹ ਗਾਇਬ ਸੀ। ਪਿਛਲੇ ਦਿਨੀਂ ਲਿਪੇਤਸਕ ਇਲਾਕੇ ਵਿੱਚੋਂ ਉਸ ਦੀ ਲਾਸ਼ ਮਿਲੀ ਸੀ। ਕਤਲ ਕਦੋਂ ਤੇ ਕਿਵੇਂ ਹੋਇਆ, ਇਸ ਦੀ ਜਾਂਚ ਚੱਲ ਰਹੀ ਹੈ। ਵੇਲਡਰ ਨੇ ਆਪਣੀ ਫ਼ੇਸਬੁੱਕ ਪੋਸਟ ਉੱਤੇ ਲਿਖਿਆ ਸੀ ਕਿ ਪੁਤਿਨ ਵਰਗੇ ਲੋਕ ਬਚਪਨ ਤੋਂ ਹੀ ਡਰਪੋਕ ਹੁੰਦੇ ਹਨ। ਸ਼ੋਰ ਤੇ ਹਨ੍ਹੇਰੇ ਤੋਂ ਡਰਦੇ ਹਨ। ਰੂਸ ਨੂੰ ਅਖੰਡਤਾ ਦਾ ਜੋ ਭੂਤ ਸਵਾਰ ਹੈ, ਉਸ ਦੇ ਬਦਲੇ ਹੰਝੂ ਮਿਲਣਗੇ। ਵੇਲਡਰ ਦੀ ਹੱਤਿਆ ਤੋਂ ਬਾਅਦ ਪੁਲਸ ਨੇ ਸ਼ੱਕ ਦੇ ਆਧਾਰ ਉੱਤੇ ਉਸ ਦੇ ਸਾਬਕਾ ਪ੍ਰੇਮੀ ਦਿਮਿਤਰੀ ਕੋਰੋਵਿਨ ਨੂੰ ਗ੍ਰਿਫ਼ਤਾਰ ਕੀਤਾ। ਸ਼ੁਰੂ ਦੀ ਪੁੱਛਗਿੱਛ ਵਿੱਚ ਉਸ ਨੇ ਦੱਸਿਆ ਕਿ ਪੈਸੇ ਦੇ ਲੈਣ-ਦੇਣ ਕਾਰਨ ਉਸ ਨੇ ਵੇਲਡਰ ਦਾ ਕਤਲ ਕੀਤਾ। ਕੋਰੋਵਿਨ ਨੇ ਦੱਸਿਆ ਕਿ ਕਤਲ ਤੋਂ ਬਾਅਦ ਉਹ ਲਾਸ਼ ਨੂੰ ਸੂਟਕੇਸ ਵਿੱਚ ਰੱਖ ਕੇ ਤਿੰਨ ਦਿਨ ਤਕ ਉਸ ਦੇ ਨਾਲ ਰਿਹਾ।

# ਕਾਂਗਰਸ ਦੀ ਮੰਥਨ ਮੀਟਿੰਗ, ਕਾਂਗਰਸੀ ਆਗੂਆਂ ਨੇ ਹਾਰ ਦਾ ਭਾਂਡਾ ਇੱਕ-ਦੂਜੇ ਉੱਤੇ ਭੰਨਿਆ

ਚੰਡੀਗੜ੍ਹ, 16 ਮਾਰਚ (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਰਾਰੀ ਹਾਰ ਪਿੱਛੋਂ ਕੱਲ੍ਹ ਇੱਥੇ ਕਾਂਗਰਸ ਆਗੂਆਂ ਦੀ ਮੰਥਨ ਬੈਠਕ ਹੋਈ। ਪੰਜਾਬ ਮਾਮਲਿਆਂ ਦੇ ਇੰਚਾਰਜ ਹਰੀਸ਼ ਚੌਧਰੀ ਨੇ ਵਿਧਾਇਕਾਂ ਨਾਲ ਵੱਖਰੀ ਗੱਲਬਾਤ ਕਰਕੇ ਹਾਰ ਦੇ ਕਾਰਨ ਜਾਣਨ ਦੀ ਕੋਸ਼ਿਸ਼ ਵੀ ਕੀਤੀ ਦੱਸੀ ਜਾਂਦੀ ਹੈ।

ਮੀਟਿੰਗ ਵਿੱਚ ਵਿਧਾਇਕ ਪਰਗਟ ਸਿੰਘ ਨੇ ਕਿਹਾ ਕਿ ਇਸ ਸਮੇਂ ਕਾਂਗਰਸ ਦੇ ਨੇਤਾਵਾਂ ਨੂੰ ਇੱਕ-ਦੂਜੇ ਉੱਤੇ ਹਾਰ ਦਾ ਭਾਂਡਾ ਨਹੀਂ ਭੰਨਣਾ ਚਾਹੀਦਾ, ਸਗੋਂ ਹਾਰ ਤੋਂ ਸਿੱਖ ਕੇ ਅੱਗਲੀ ਰਣਨੀਤੀ ਬਣਾਉਣੀ ਚਾਹੀਦੀ ਹੈ। ਬਹੁਤੇ ਆਗੂਆਂ ਦਾ ਕਹਿਣਾ ਸੀ ਕਿ ਪਾਰਟੀ ਦੇ ਜ਼ਿੰਮੇਵਾਰ ਅਤੇ ਵੱਡੇ ਆਗੂਆਂ ਦੀ ਇੱਕ-ਦੂਜੇ ਖ਼ਿਲਾਫ਼ ਕੀਤੀ ਬਿਆਨਬਾਜ਼ੀ ਕਾਰਨ ਪਾਰਟੀ ਨੂੰ ਕਰਾਰੀ ਹਾਰ ਦਾ ਮੂੰਹ ਦੇਖਣਾ ਪਿਆ ਹੈ। ਪੰਜਾਬ ਕਾਂਗਰਸ ਭਵਨ ਵਿੱਚ ਹੋਈ ਇਸ ਬੈਠਕ ਵਿੱਚ ਪਾਰਟੀ ਦੇ ਸੂਬਾ ਇੰਚਾਰਜ ਹਰੀਸ਼ ਚੌਧਰੀ, ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੀ ਸ਼ਾਮਲ ਸਨ। ਪਹਿਲਾਂ ਇਨ੍ਹਾਂ ਤਿੰਨਾਂ ਨੇਤਾਵਾਂ ਨੇ ਬੈਠਕ ਕੀਤੀ ਅਤੇ ਫਿਰ ਵਿਧਾਇਕਾਂ ਅਤੇ ਹੋਰ ਆਗੂਆਂ ਨਾਲ ਮੀਟਿੰਗ ਕੀਤੀ। ਬੱਸੀ ਪਠਾਣਾ ਤੋਂ ਕਾਂਗਰਸ ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾ ਕੇ ਕਾਂਗਰਸ ਨੇ ਸਭ ਤੋਂ ਵੱਡੀ ਗਲਤੀ ਕੀਤੀ ਹੈ। ਉਨ੍ਹਾਂ ਚੰਨੀ ਨੂੰ ਪਾਰਟੀ ਤੋਂ ਕੱਢਣ ਦੀ ਮੰਗ ਵੀ ਚੁੱਕੀ ਅਤੇ ਸਿੱਧੂ ਦੇ ਹੱਕ ਵਿੱਚ ਬੋਲਦਿਆਂ ਕਿਹਾ ਕਿ ਨਵਜੋਤ ਸਿੰਘ ਸਿੱਧੂ ਮੁੱਖ ਮੰਤਰੀ ਦਾ ਚਿਹਰਾ ਹੁੰਦੇ ਤਾਂ ਇਹ ਹਸ਼ਰ ਨਾ ਹੁੰਦਾ। ਇਸ ਦੌਰਾਨ ਬਹੁਤੇ ਆਗੂਆਂ ਨੇ ਮੁੱਖ ਤੌਰ ਉੱਤੇ ਪਾਰਟੀ ਦੇ ਅੰਦਰੂਨੀ ਕਲੇਸ਼ ਨੂੰ ਜ਼ਿੰਮੇਵਾਰ ਦੱਸਿਆ ਹੈ। ਮੀਟਿੰਗ ਵਿੱਚ ਚਰਨਜੀਤ ਸਿੰਘ ਚੰਨੀ, ਨਵਜੋਤ ਸਿੰਘ ਸਿੱਧੂ ਅਤੇ ਸੁਨੀਲ ਜਾਖੜ ਦੀ ਆਪਸੀ ਅਣ-ਬਣ ਨੂੰ ਵੀ ਇਸ ਦਾ ਕਾਰਨ ਦੱਸਿਆ ਗਿਆ ਹੈ। ਮਦਨ ਲਾਲ ਜਲਾਲਪੁਰ ਨੇ ਕਿਹਾ ਕਿ ਕਾਂਗਰਸ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਕਰ ਕੇ ਹਾਰ ਹੋਈ ਹੈ। ਦਰਸ਼ਨ ਸਿੰਘ ਬਰਾੜ ਨੇ ਕਿਹਾ ਕਿ ਜਿਸ ਪਾਰਟੀ ਦੇ ਮੁੱਖ ਆਗੂ ਵੱਖੋ-ਵੱਖਰੇ ਬਿਆਨ ਦੇ ਰਹੇ ਹੋਣ, ਉਸ ਦਾ ਕੀ ਬਣੇਗਾ? ਸੁਰਜੀਤ ਸਿੰਘ ਧੀਮਾਨ ਨੇ ਹਾਈ ਕਮਾਨ ਅਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਚਰਨਜੀਤ ਸਿੰਘ ਚੰਨੀ, ਨਵਜੋਤ ਸਿੰਘ ਸਿੱਧੂ ਅਤੇ ਸੁਨੀਲ ਜਾਖੜ ਨੂੰ ਹਾਰ ਦਾ ਕਾਰਨ ਦੱਸਿਆ। ਸੁਜਰੀਤ ਸਿੰਘ ਧੀਮਾਨ ਦੇ ਬਿਆਨ ਉੱਤੇ ਰਾਜਾ ਵੜਿੰਗ ਨੇ ਕਿਹਾ ਕਿ ਜੇ ਮੇਰੇ ਕੋਲ ਤਾਕਤ ਹੁੰਦੀ ਤਾਂ ਮੈਂ ਧੀਮਾਨ ਨੂੰ ਪਾਰਟੀ ਤੋਂ ਕੱਢ ਦਿੰਦਾ।

ਕਾਂਗਰਸ ਦੇ ਮੰਥਨ ਨੂੰ ਨਾਟਕ ਦਸਦਿਆਂ ਜਨਰਲ ਸਕੱਤਰ ਪਵਨ ਦੀਵਾਨ ਨੇ ਹਰੀਸ਼ ਚੌਧਰੀ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਨੀਤੀਆਂ ਦਾ ਜ਼ਿਕਰ ਕਰਦਿਆਂ ਸਵਾਲ ਕੀਤਾ ਹੈ ਕਿ ਜਦੋਂ ਦੋਸ਼ੀ ਹੀ ਜੱਜ ਬਣੇ ਫਿਰਨਗੇ ਤਾਂ ਇਨਸਾਫ਼ ਕੌਣ ਕਰੇਗਾ? ਦੀਵਾਨ ਨੇ ਕਿਹਾ ਕਿ ਪੰਜਾਬ ਕਾਂਗਰਸ ਦੀ ਹਾਰ ਲਈ ਹਰੀਸ਼ ਚੌਧਰੀ ਸਭ ਤੋਂ ਵੱਧ ਜ਼ਿੰਮੇਵਾਰ ਹਨ।

# ਮਹਾਰਾਸ਼ਟਰ ਦੇ ਮੰਤਰੀ ਨਵਾਬ ਮਲਿਕ ਦੀ ਰਿਹਾਈ ਦੀ ਅਰਜ਼ੀ ਰੱਦ

*** ਮਨੀ ਲਾਂਡਰਿੰਗ ਕੇਸ ਵਿੱਚ ਈ ਡੀ ਦੀ ਹਿਰਾਸਤ ਕਾਇਮ ਰਹੇਗੀ**

ਮੁੰਬਈ, 16 ਮਾਰਚ (ਪੋਸਟ ਬਿਊਰੋ)- ਮਨੀ ਲਾਂਡਰਿੰਗ ਕੇਸ ਵਿੱਚ ਮਹਾਰਾਸ਼ਟਰ ਦੇ ਕੈਬਨਿਟ ਮੰਤਰੀ ਅਤੇ ਐਨ ਸੀ ਪੀ ਪਾਰਟੀ ਦੇ ਆਗੂ ਨਵਾਬ ਮਲਿਕ ਵੱਲੋਂ ਤੁਰੰਤ ਰਿਹਾਈ ਦੀ ਮੰਗ ਲਈ ਦਿੱਤੀ ਅੰਤ੍ਰਿਮ ਅਰਜ਼ੀ ਨੂੰ ਬੰਬੇ ਹਾਈ ਕੋਰਟ ਨੇ ਰੱਦ ਕਰ ਦਿੱਤੀ ਹੈ। ਕੋਰਟ ਨੇ ਕਿਹਾ ਹੈ ਕਿ ਸਿਰਫ ਇਸ ਕਰ ਕੇ ਕਿ ਵਿਸ਼ੇਸ਼ ਪੀ ਐਮ ਐਲ ਏ ਅਦਾਲਤ ਨੇ ਮੰਤਰੀ ਨੂੰ ਹਿਰਾਸਤ ਵਿੱਚ ਰੱਖਣ ਦੇ ਹੁਕਮ ਦੇ ਕੇ ਉਨ੍ਹਾਂ ਦੇ ਹੱਕ ਵਿੱਚ ਫੈਸਲਾ ਨਹੀਂ ਦਿੱਤਾ, ਇਸ ਦਾ ਅਰਥ ਇਹ ਨਹੀਂ ਕਿ ਹੁਕਮ ਗੈਰ ਕਾਨੂੰਨੀ ਜਾਂ ਗਲਤ ਹਨ। ਬੈਂਚ ਨੇ ਕਿਹਾ ਕਿ ਮਲਿਕ ਕੋਲ ਕਾਨੂੰਨੀ ਨੁਮ-ਾਇੰਦਾ ਵਿਸ਼ੇਸ਼ ਅਦਾਲਤ ਅਤੇ ਹਾਈ ਕੋਰਟ ਵਿੱਚ ਦੋਵੇਂ ਥਾਈਂ ਮੌਜੂਦ ਸੀ ਅਤੇ ਉਸ ਨੂੰ ਚਾਰਾਜ਼ੋਈ ਦਾ ਮੌਕਾ ਦਿੱਤਾ ਗਿਆ ਸੀ।

ਵਰਨਣ ਯੋਗ ਹੈ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਪਿਛਲੇ ਮਹੀਨੇ ਨਵਾਬ ਮਲਿਕ ਨੂੰ ਪੀ ਐਮ ਐਲ ਏ (ਮਨੀ ਲਾਂਡਰਿੰਗ ਕਾਨੂੰ) ਹੇਠ ਗ੍ਰਿਫਤਾਰ ਕੀਤਾ ਸੀ। ਉਸ ਮੌਕੇ ਨਵਾਬ ਮੰਤਰੀ ਨੇ ਹਾਈ ਕੋਰਟ ਵਿੱਚ ਇਹ ਕੇਸ ਪੇਸ਼ ਕੀਤਾ ਸੀ ਕਿ ਈ ਡੀ ਵੱਲੋਂ ਉਨ੍ਹਾਂ ਨੂੰ ਗ੍ਰਿਫਤਾਰ ਕਰਨਾ ਅਤੇ ਫਿਰ ਰਿਮਾਂਡ ਲੈਣਾ ਗੈਰ ਕਾਨੂੰਨੀ ਹੈ। ਹਾਈ ਕੋਰਟ ਨੇ ਕਿਹਾ ਕਿ ਮਲਿਕ ਦੇ ਵਕੀਲ ਨੇ ਪੀ ਐਮ ਐਲ ਏ ਕੋਰਟ ਵਿੱਚ ਈ ਡੀ ਵੱਲੋਂ ਮੰਗੀ ਹਿਰਾਸਤ ਦਾ ਵਿਰੋਧ ਕੀਤਾ ਸੀ, ਇਸ ਦੇ ਬਾਵਜੂਦ ਵਿਸ਼ੇਸ਼ ਅਦਾਲਤ ਨੇ ਇਨਫੋਰਸਮੈਂਟ ਡਾਇਰੈਕਟੋਰੇਟ ਨੂੰ ਮੰਤਰੀ ਦੀ ਹਿਰਾਸਤ ਦਿੱਤੀ ਅਤੇ ਫਿਰਜੁਡੀਸ਼ਲ ਹਿਰਾਸਤ ਦਿੱਤੀ। ਹਾਈ ਕੋਰਟ ਨੇ ਕਿਹਾ ਕਿ ਹਿਰਾਸਤ ਲਈ ਜਿਨ੍ਹਾਂ ਕਾਨੂੰਨੀ ਪੱਖਾਂ ਦਾ ਹਵਾਲਾ ਦਿੱਤਾ ਗਿਆ, ਉਹ ਜਾਇਜ਼ ਸਨ। ਇਸ ਲਈ ਹਾਈ ਕੋਰਟ ਕੋਲ ਕੋਈ ਕਾਰਨ ਨਹੀਂ ਬਚਦਾ ਕਿ ਉਹ ਮਲਿਕ ਦੀ ਰਿਹਾਈ ਦੇ ਹੁਕਮ ਦੇਵੇ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202




## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769







ਫੌਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਓਗੇ ਹੈਰਾਨ,
ਇਕ ਵਾਰੀ ਅਜ਼ਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013







## ਲੜਕੀ ਦੀ ਲੋੜ

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen
Contact on 6473004877
Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੇਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013




## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104


ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com









Urgently Need New Listings in Brampton/Caledon

visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com

RECENTLY LISTED/SOLD IN YOUR NEIGHBOURHOOD BY JAG AUJLA

JUST LISTED FOR SALE
* Premium Lot
* Approx. 2 Years New
* Over 2500 Square Feet
* 4 Bedroom + 3 W.R.
* Family Room Open To Above
* Computer Loft
* Main Floor Laundry
* Loaded With Upgrades
BRANTFORD, ONTARIO Call Jag Aujla For Details

JUST LISTED FOR SALE
* 70 Feet Wide Prem. Lot
* 4+2 Bedrooms + 6 Washroom + Upgraded
* 2 Bedroom Legal Basement Apt.
* Fully Renovated
* Approx 4000 S/F Living space
* Almost Everything New
* Spent over $200k on upgrades
BRAMPTON, ONTARIO Call Jag Aujla For Details

SOLD $215,000 OVER ASKING IN 2 DAYS — 42 Lawnview Crt, Sandalwood /Hwy 10 / Braidwood
SOLD $101,000 OVER ASKING IN 2 DAYS — 11 Germain Circ, Miss.Rd/ William Pkwy/ Bovaird
SOLD $165,000 OVER ASKING IN 2 DAYS — 5 Mitchell Ave, Sandalwood/ Conestoga/ Dalzell
SOLD @101% OF ASKING PRICE — 12 Laurelcrest St, Queen / Laurelcrest / Hwy 410
SOLD $260,000 OVER ASKING IN 4 DAYS — 10 Lady Stewart Blvd, Howden / William Pkwy/ Hwy 410
SOLD @99% OF ASKING PRICE — 11 Van Hoof Crest, Castlemore/ Goreway / Latania
SOLD $121,000 OVER ASKING IN 6 DAYS Caledon — 42 Pinedale Ave, Kennedy / Dougall
SOLD $73,000 OVER ASKING IN 6 DAYS Shelbourne — 416 Olde Village Lane, Hwy 89 / Greenwood
SOLD $355,000 OVER ASKING IN 4 DAYS — 37 Esker Dr, Heart Lake Rd/Sandalwood Pkwy

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
March 2022



ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ



- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative
Tel: 905.793.5777 416.802.5866
31 Melanie Dr. Unit #4 Brampton, ON L6T 5H8

SOLD $1,399,999 CASTLEMORE/GOREWAY
ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈੱਡਰੂਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਾਰਮਲ ਲਿਵਿੰਗ, ਡਾਇਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੇਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਪ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ

FOR SALE $1,749,900 8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

FOR SALE $1,950,000 26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਦ ਇਨਸੂਟ ਅਤੇ ਵਾਕਇਨ ਕਲਾਜਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਉਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ



jobs! jobs! jobs! jobs! jobs!

DUNDAS-JAFINE

HELP WANTED
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ

ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।
Afternoon and Midnight Shifts Available.

ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿਚ ਸਮਰੱਥ ਹੋਣਾ ਜ਼ਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ

ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton
Apply In Person to complete application in the Shipping Department






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017